


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਐਤਵਾਰ, 22 ਦਸੰਬਰ 2024
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 133, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਟਰੂਡੋ ਖ਼ਿਲਾਫ਼ ਬੇਭਰੋਸਗੀ ਮਤਾ ਪੇਸ਼ ਕਰਨਗੇ ਜਗਮੀਤ

**ਟੋਰਾਂਟੋ ਲੋਕ ਬਾਣੀ** -ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਲੀਡਰਸ਼ਿਪ ਦਾ ਭਵਿੱਖ ਹੁਣ ਧੁੰਦਲਾ ਦਿਖਾਈ ਦੇ ਰਿਹਾ ਹੈ ਕਿਉਂਕਿ ਉਨ੍ਹਾਂ ਦੇ ਅਹਿਮ ਸਹਿਯੋਗੀ ਨਿਊ ਡੈਮੋਕਰੈਟਿਕ ਪਾਰਟੀ (ਐੱਨਡੀਪੀ) ਦੇ ਆਗੂ ਜਗਮੀਤ ਸਿੰਘ ਨੇ ਕਿਹਾ ਕਿ ਉਹ ਲਿਬਰਲ ਸਰਕਾਰ ਨੂੰ ਡੇਗਣ ਲਈ ਮਤਾ ਪੇਸ਼ ਕਰਨਗੇ। ਜਗਮੀਤ ਸਿੰਘ, ਜਿਨ੍ਹਾਂ ਦੀ ਪਾਰਟੀ ਟਰੂਡੋ ਨੂੰ ਅਹੁਦੇ 'ਤੇ ਬਣਾਏ ਰੱਖਣ 'ਚ ਮਦਦ ਕਰ ਰਹੀ ਹੈ , ਨੇ ਸੋਸ਼ਲ ਮੀਡੀਆ 'ਤੇ ਪੋਸਟ ਕੀਤੇ ਖੁੱਲ੍ਹੇ ਪੱਤਰ 'ਚ ਐਲਾਨ ਕੀਤਾ ਕਿ ਉਹ ਅਗਲੇ



ਸਾਲ ਟਰੂਡੋ ਦੀ ਲੀਡਰਸ਼ਿਪ ਵਾਲੀ ਲਿਬਰਲ ਸਰਕਾਰ 'ਚ ਬੇਭਰੋਸਗੀ ਦਾ ਐਲਾਨ ਕਰਨਗੇ। ਇਹ ਇੱਕ ਅਜਿਹਾ ਕਦਮ ਹੈ, ਜਿਸ ਦਾ ਜੇ ਹੋਰ ਵਿਰੋਧੀ ਪਾਰਟੀਆਂ ਹਮਾਇਤ ਕਰਦੀਆਂ ਹਨ

## ਸਾਂਸਦ ਚਰਨਜੀਤ ਸਿੰਘ ਚੰਨੀ ਮਰਨ ਵਰਤ ਤੇ ਬੈਠੇ ਡੱਲੇਵਾਲ ਨੂੰ ਮਿਲੇ

**ਸ਼ੁਤਰਾਣਾ (ਪਟਿਆਲਾ), ਲੋਕ ਬਾਣੀ**– ਢਾਬੀਗੁੱਜਰਾਂ ਖਨੌਰੀ ਸਰਹੱਦ ਉੱਪਰ ਪਿਛਲੇ 26 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਿਲਣ ਲਈ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਕਾਂਗਰਸੀ ਸਾਂਸਦ ਅਤੇ ਐਮ. ਐਸ. ਪੀ. ਸਬੰਧੀ ਬਣਾਈ ਗਈ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਵਿਸ਼ੇਸ਼ ਤੌਰ ਤੇ ਪਹੁੰਚੇ। ਉਨ੍ਹਾਂ ਨੇ ਜਗਜੀਤ ਸਿੰਘ ਡੱਲੇਵਾਲ ਨੂੰ ਮਿਲ ਕੇ ਉਨ੍ਹਾਂ ਦੀ ਸਿਹਤ ਦਾ ਹਾਲ–ਚਾਲ ਜਾਣਿਆ ਅਤੇ ਸ. ਡੱਲੇਵਾਲ ਨੂੰ ਉਨ੍ਹਾਂ ਵਲੋਂ ਪਾਰਲੀਮੈਂਟ ਵਿਚ ਐਮ. ਐਸ.



ਪੀ. ਸਬੰਧੀ ਪੇਸ਼ ਕੀਤੀ ਗਈ ਰਿਪੋਰਟ ਦੀ ਕਾਪੀ ਵੀ ਦਿਖਾਈ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਉਨ੍ਹਾਂ ਨੇ ਰਿਪੋਰਟ ਵਿਚ ਕੇਂਦਰ ਸਰਕਾਰ ਨੂੰ ਕਿਹਾ ਹੈ

## ਮੁਹਾਲੀ ਦੇ ਸੋਹਾਣਾ 'ਚ ਬਹੁਮੰਜ਼ਿਲਾ ਇਮਾਰਤ ਡਿੱਗੀ

**ਮੁਹਾਲੀ ਲੋਕ ਬਾਣੀ-** –ਇੱਥੋਂ ਦੇ ਇਤਿਹਾਸਕ ਨਗਰ ਸੋਹਾਣਾ ਵਿੱਚ ਅੱਜ ਸ਼ਾਮ ਰੌਇਲ ਜਿਮ ਦੀ ਬਹੁ–ਮੰਜ਼ਿਲਾ ਇਮਾਰਤ ਡਿੱਗ ਗਈ। ਬਚਾਅ ਕਰਮੀਆਂ ਨੇ ਹਿਮਾਚਲ ਪ੍ਰਦੇਸ਼ ਵਾਸੀ ਮਹਿਲਾ ਦ੍ਰਿਸ਼ਟੀ (29) ਨੂੰ ਮਲਬੇ ਹੇਠੋਂ ਕੱਢ ਕੇ ਹਸਪਤਾਲ ਪਹੁੰਚਾਇਆ ਜਿੱਥੇ ਉਸ ਦੀ ਮੌਤ ਹੋ ਗਈ। ਮਲਬੇ ਹੇਠ ਹੋਰ ਕਈ ਵਿਅਕਤੀਆਂ ਦੇ ਦਬੇ ਹੋਣ ਦਾ ਖ਼ਦਸ਼ਾ ਹੈ। ਐੱਨਡੀਆਰਐੱਫ ਤੇ ਫੌਜ ਦੀਆਂ ਟੀਮਾਂ ਨੇ ਵੀ ਮੌਕੇ 'ਤੇ ਪਹੁੰਚ ਕੇ ਬਚਾਅ ਕਾਰਜ ਸ਼ੁਰੂ ਕਰ



ਦਿੱਤੇ ਹਨ। ਜਾਣਕਾਰੀ ਮੁਤਾਬਕ ਹਾਦਸਾ ਉਦੋਂ ਹੋਇਆ ਜਦੋਂ ਜਿਮ ਨਾਲ ਲੱਗਦੀ ਖਾਲੀ ਥਾਂ 'ਤੇ ਬੇਸਮੈਂਟ ਪੁੱਟੀ ਜਾ ਰਹੀ ਸੀ। ਹਾਦਸੇ ਸਮੇਂ ਜਿਮ ਵਿੱਚ ਕਈ ਵਿਅਕਤੀ ਕਸਰਤ ਕਰ ਰਹੇ ਸਨ।

## ਏਕੇ ਲਈ ਸੱਦੀ ਮੀਟਿੰਗ 'ਚ ਨਾ ਪੁੱਜੇ ਐੱਸਕੇਐੱਮ (ਗ਼ੈਰ-ਸਿਆਸੀ) ਦੇ ਆਗੂ

**ਪਟਿਆਲਾ,, ਸੁਖਚੈਨ ਮਹਿਰਾ-** ਕਿਸਾਨਾਂ ਦੀਆਂ ਮੰਗਾਂ ਮਨਵਾਉਣ ਲਈ ਸਾਰੀਆਂ ਕਿਸਾਨ ਜਥੇਬੰਦੀਆਂ ਵੱਲੋਂ ਰਲ ਕੇ ਸੰਘਰਸ਼ ਕਰਨ ਲਈ ਸ਼ੁਰੂ ਹੋਈਆਂ ਸਰਗਰਮੀਆਂ ਦੀ ਕੜੀ ਤਹਿਤ ਸੰਯੁਕਤ ਕਿਸਾਨ ਮੋਰਚਾ ਅਤੇ ਕਿਸਾਨ ਮਜ਼ਦੂਰ ਮੋਰਚਾ (ਕੇਐੱਮਐੱਮ) ਦੇ ਆਗੂਆਂ ਦਰਮਿਆਨ ਅੱਜ ਇਥੇ ਮੀਟਿੰਗ ਹੋਈ। ਦੋਵਾਂ ਧਿਰਾਂ ਨੇ ਮੀਟਿੰਗ ਸੁਖਾਵੇਂ ਮਾਹੌਲ 'ਚ



ਹੋਣ ਦਾ ਦਾਅਵਾ ਕੀਤਾ ਹੈ ਪਰ ਸੱਦੇ ਦੇ ਬਾਵਜੂਦ ਸੰਯੁਕਤ ਕਿਸਾਨ ਮੋਰਚੇ (ਗ਼ੈਰ–ਸਿਆਸੀ) ਦਾ ਕੋਈ ਵੀ ਆਗੂ ਮੀਟਿੰਗ 'ਚ ਸ਼ਾਮਲ ਨਹੀਂ ਹੋਇਆ।

## ਫੜਨਵੀਸ ਨੂੰ ਗ੍ਰਹਿ, ਸ਼ਿੰਦੇ ਨੂੰ ਸ਼ਹਿਰੀ ਵਿਕਾਸ ਤੇ ਪਵਾਰ ਨੂੰ ਵਿੱਤ ਵਿਭਾਗ ਮਿਲਿਆ

**ਮਹਾਰਾਸ਼ਟਰ ਵਿਨੋਦ ਸ਼ਰਮਾ-** ਸੁਪਰੀਮ ਕੋਰਟ ਨੇ ਪਿਛਲੇ 24 ਮਹਾਰਾਸ਼ਟਰ ਸਰਕਾਰ ਨੇ ਅੱਜ ਸੂਬੇ ਦੇ ਮੰਤਰੀ ਮੰਡਲ ਲਈ ਵਿਭਾਗਾਂ ਦਾ ਐਲਾਨ ਕਰ ਦਿੱਤਾ ਹੈ। ਇਸ ਤਹਿਤ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਗ੍ਰਹਿ ਮੰਤਰਾਲਾ ਆਪਣੇ ਕੋਲ ਰੱਖਿਆ ਹੈ। ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੂੰ ਸ਼ਹਿਰੀ



ਵਿਕਾਸ ਅਤੇ ਅਜੀਤ ਪਵਾਰ ਨੂੰ ਵਿੱਤ ਵਿਭਾਗ ਦਿੱਤਾ ਗਿਆ ਹੈ। ਚੰਦਰਸ਼ੇਖਰ ਬਾਵਨਕੁਲੇ ਨੂੰ ਮਾਲ ਵਿਭਾਗ, ਰਾਧਾਕ੍ਰਿਸ਼ਨ ਵਿਖੇ ਇਸੇ ਤਰ੍ਹਾਂ ਚੰਦਰਕਾਂਤ ਪਾਟਿਲ ਨੂੰ ਉਚੇਰੀ ਅਤੇ ਤਕਨੀਕੀ ਸਿੱਖਿਆ, ਗਣੇਸ਼ ਨਾਇਕ ਨੂੰ ਜੰਗਲਾਤ, ਦਾਦਾ ਭੂਸੇ ਨੂੰ ਸਕੂਲ ਸਿੱਖਿਆ, ਉਦੈ ਸਾਮੰਤ ਨੂੰ ਉਦਯੋਗ, ਪੰਕਜ ਮੁੰਡੇ ਨੂੰ ਵਾਤਾਵਰਨ, ਧਨੰਜੈ ਮੁੰਡੇ ਨੂੰ ਖੁਰਾਕ ਅਤੇ ਸਿਵਲ ਸਪਲਾਈ ਤੇ ਆਸ਼ੀਸ਼ ਸ਼ੈਲਾਰ ਨੂੰ ਆਈਟੀ ਅਤੇ ਸੱਭਿਆਚਾਰ ਵਿਭਾਗ ਮਿਲਿਆ ਹੈ।

## ਪੂਰੇ ਉੱਤਰ ਭਾਰਤ ਵਿਚ ਠੰਡ ਦਾ ਪ੍ਰਕੋਪ ਜਾਰੀ

**ਜਲੰਧਰ, ਬਿੱਟੂ ਫੋਲੜੀਵਾਲ** --ਉੱਤਰ ਭਾਰਤ ਵਿੱਚ ਪੈ ਰਹੀ ਕੜਾਕੇ ਦੀ ਠੰਡ ਨੇ ਲੋਕਾਂ ਨੂੰ ਕੰਬਣੀ ਛੇੜੀ ਹੋਈ ਹੈ। ਮੌਸਮ ਵਿਭਾਗ ਮੁਤਾਬਕ ਪੰਜਾਬ ਸਣੇ ਪੂਰਾ ਉੱਤਰ ਭਾਰਤ ਹਾਲੇ ਹੋਰ ਠੰਡ ਦਾ ਸਾਹਮਣਾ ਕਰੇਗਾ। ਆਉਣ ਵਾਲੇ ਦਿਨਾਂ ਵਿੱਚ ਠੰਡ ਹਾਲੇ ਹੋਰ ਜ਼ੋਰ ਵਿਖਾਵੇਗੀ। ਇਸ ਸਭ ਦੇ ਵਿਚਾਲੇ ਪੰਜਾਬ ਦੇ ਸਕੂਲਾਂ



ਵਿੱਚ 24 ਦਸੰਬਰ ਤੋਂ ਸਕੂਲਾਂ ਤੇ ਹੋਰ ਵਿਦਿਅਕ ਅਦਾਰੀਆਂ ਵਿੱਚ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ।

## ਪੁਸ਼ਪਾ 2 ਫਿਲਮ ਤੌੜ ਰਹੀ ਹੈ ਸਭ ਰਿਕਾਰਡ

**ਚੰਡੀਗੜ੍ਹ, ਵਿਨੋਦ ਸ਼ਰਮਾ** --ਅੱਲੂ ਅਰਜੁਨ ਸਟਾਰਰ ਫ਼ਿਲਮ ਪੁਸ਼ਪਾ 2' ਨੇ ਘਰੇਲੂ ਬਾਕਸ ਆਫਿਸ ਤੇ 1000 ਕਰੋੜ ਰੁਪਏ ਦੀ ਕਮਾਈ ਕਰ ਲਈ ਹੈ। ਬਾਹੂਬਲੀ 2' ਤੋਂ ਬਾਅਦ ਪੁਸ਼ਪਾ 2' ਘਰੇਲੂ ਬਾਕਸ ਆਫਿਸ ਤੇ 1000 ਕਰੋੜ ਰੁਪਏ ਦੀ ਕਮਾਈ ਕਰਨ ਵਾਲੀ ਭਾਰਤੀ ਸਿਨੇਮਾ ਦੀ ਦੂਜੀ ਫ਼ਿਲਮ ਬਣ ਗਈ ਹੈ। ਪੁਸ਼ਪਾ 2' 5 ਦਸੰਬਰ ਨੂੰ ਰਿਲੀਜ਼ ਹੋਈ ਸੀ ਅਤੇ ਫ਼ਿਲਮ ਨੇ ਆਪਣੀ ਰਿਲੀਜ਼ ਦੇ 16 ਦਿਨ ਪੂਰੇ ਕਰ ਲਏ ਹਨ। ਅੱਜ 21 ਦਸੰਬਰ ਨੂੰ




ਫ਼ਿਲਮ ਰਿਲੀਜ਼ ਦੇ 17ਵੇਂ ਦਿਨ ਅਤੇ ਤੀਜੇ ਵੀਕੈਂਡ ਤੇ ਪਹੁੰਚ ਗਈ ਹੈ। ਇਸ ਦੇ ਨਾਲ ਹੀ ਪੁਸ਼ਪਾ 2' ਆਪਣੇ ਤੀਜੇ ਵੀਕੈਂਡ ਤੋਂ ਬਾਹੂਬਲੀ 2' ਦੀ ਘਰੇਲੂ ਕਮਾਈ (1030 ਕਰੋੜ ਰੁਪਏ) ਦਾ ਰਿਕਾਰਡ ਤੋੜਨ ਜਾ ਰਹੀ ਹੈ।

## ਪੰਜਾਬ ਵਿੱਚ ਵੋਟ ਪਾਉਣ ਜਾਂ ਰਹੀ ਵਿਆਹੁਤਾ ਦੀ ਹੋਈ ਸੜਕ ਹਾਦਸੇ ਵਿੱਚ ਮੌਤ

**ਅਮ੍ਰਿਤਸਰ, ਲੋਕ ਬਾਣੀ** -–ਨਗਰ ਨਿਗਮ ਚੋਣਾਂ ਦੌਰਾਨ ਅੰਮ੍ਰਿਤਸਰ ਚ ਭਿਆਨਕ ਹਾਦਸਾ ਵਾਪਰਨ ਦੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ ਦਰਅਸਲ ਵੋਟ ਪਾਉਣ ਲਈ ਜਾ ਰਹੀ ਚੂੜੇ ਵਾਲੀ ਕੁੜੀ ਦੀ ਐਕਸੀਡੈਂਟ ਚ ਮੌਤ ਹੋ ਗਈ। ਜਾਣਕਾਰੀ ਮੁਤਾਬਕ ਇਹ ਹਾਦਸਾ ਦਿਨ ਦਿਹਾੜੇ ਅੰਮ੍ਰਿਤਸਰ ਦੇ



ਕ੍ਰਿਸਟਲ ਚੌਂਕ ਚ ਵਾਪਰਿਆ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਰਾਜ ਚੋਣ ਕਮਿਸ਼ਨ ਵੱਲੋਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਵਰਕਰਾਂ ਸਮੇਤ ਨਿੱਜੀ ਵਿਅਕਤੀਆਂ ਦੁਆਰਾ ਨਗਰ ਨਿਗਮਾਂ/ਕੌਂਸਲਾਂ ਦੀਆਂ ਚੋਣਾਂ ਦੌਰਾਨ ਪੋਲਿੰਗ ਬੂਥਾਂ ਦੇ ਬਾਹਰ ਵੀਡੀਓਗ੍ਰਾਫੀ ਦੀ ਆਗਿਆ

**ਚੰਡੀਗੜ੍ਹ (ਲੋਕ ਬਾਣੀ)** ਰਾਜ ਚੋਣ ਕਮਿਸ਼ਨ ਵੱਲੋਂ ਉਮੀਦਵਾਰਾਂ ਅਤੇ ਆਮ ਲੋਕਾਂ ਨੂੰ ਮਿਤੀ 10.10.2024 ਦੇ ਹੁਕਮਾਂ ਅਨੁਸਾਰ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਵਰਕਰਾਂ ਸਮੇਤ ਨਿੱਜੀ ਵਿਅਕਤੀਆਂ ਵੱਲੋਂ ਪੋਲਿੰਗ ਸਟੇਸ਼ਨਾਂ ਦੇ ਬਾਹਰ ਵੀਡੀਓਗ੍ਰਾਫੀ ਕਰਨ ਦੀ ਇਜਾਜ਼ਤ ਹੋਵੇਗਗੀ। ਇਸ ਸਬੰਧੀ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਪੋਲਿੰਗ ਸਟੇਸ਼ਨਾਂ ਦੇ ਅੰਦਰ ਕਿਸੇ ਵੀ ਨਿੱਜੀ ਵਿਅਕਤੀ ਨੂੰ ਵੀਡੀਓਗ੍ਰਾਫੀ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਕਮਿਸ਼ਨ ਵੱਲੋਂ ਇਹ ਹਦਾਇਤਾਂ ਮਾਣਯੋਗ ਹਾਈਕੋਰਟ (ਡੀਬੀ) ਵੱਲੋਂ 24.5.2012 ਨੂੰ 2012 ਦੇ ਸੀਡਬਲਿਊਪੀ 9601 ਦੇ ਕ੍ਰਿਸ਼ਨ ਕੁਮਾਰ ਅਤੇ ਹੋਰ ਬਨਾਮ ਸਟੇਟ ਆਫ ਪੰਜਾਬ ਦੇ ਹੁਕਮਾਂ ਤਹਿਤ ਦਿੱਤੀਆਂ ਗਈ ਆਂ ਹਨ। ਉਕਤ ਕੇਸ ਦਾ ਸੰਚਾਲਨ ਭਾਗ ਹੇਠ ਲਿਖੇ ਅਨੁਸਾਰ ਹੈ: "ਪਟੀਸ਼ਨਰ ਜਾਂ ਕੋਈ ਹੋਰ ਵਿਅਕਤੀ ਆਪਣੇ ਖਰਚੇ 'ਤੇ ਪੋਲਿੰਗ ਸਟੇਸ਼ਨ ਦੇ ਬਾਹਰ ਵੀਡੀਓਗ੍ਰਾਫੀ ਦਾ ਪ੍ਰਬੰਧ ਕਰਨ ਲਈ ਸੁਤੰਤਰ ਹੈ ਅਤੇ ਜੇਕਰ ਉਹ ਅਜਿਹੀ ਇੱਛਾ ਪ੍ਰਗਟ ਕਰਦੇ ਹਨ, ਤਾਂ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਨਹੀਂ ਜਾਵੇਗਾ। ਹਾਲਾਂਕਿ, ਇਹ ਸਪੱਸ਼ਟ ਕੀਤਾ ਗਿਆ ਹੈ ਕਿ ਪੋਲਿੰਗ ਬੂਥਾਂ ਦੇ ਅੰਦਰ ਪੋਲਿੰਗ ਦੀ ਗੁਪਤਤਾ ਬਣਾਈ ਰੱਖਣ ਲਈ ਵੀਡੀਓਗ੍ਰਾਫੀ ਦੀ ਇਜਾਜ਼ਤ ਨਹੀਂ ਹੋਵੇਗੀ ।" ਉਕਤ ਹੁਕਮਾਂ ਅਨੁਸਾਰ, ਸਿਆਸੀ ਪਾਰਟੀਆਂ ਦੇ ਨਿੱਜੀ ਵਿਅਕਤੀਆਂ/ਵਰਕਰਾਂ ਦੁਆਰਾ ਆਪਣੇ ਖਰਚੇ 'ਤੇ ਵੀਡੀਓਗ੍ਰਾਫੀ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਪਰ ਇਹ ਵੀਡੀਓਗ੍ਰਾਫੀ ਪੋਲਿੰਗ ਸਟੇਸ਼ਨਾਂ ਦੇ 100 ਮੀਟਰ ਦੇ ਘੇਰੇ ਤੋਂ ਬਾਹਰ ਕੀਤੀ ਜਾਣੀ ਚਾਹੀਦੀ ਹੈ।

# ਪੀ.ਸੀ.ਐਸ. (ਕਾਰਜਕਾਰੀ ਸ਼ਾਖਾ) ਲਈ ਪ੍ਰੀਲਿਮਿਨਰੀ ਇਮਤਿਹਾਨ ਚ ਸੀ ਸੈਟ ਦਾ ਪੇਪਰ ਹੁਣ ਕੇਵਲ ਕੁਆਲੀਫਾਇੰਗ ਪੇਪਰ ਹੀ ਹੋਵੇਗਾ-ਚੇਅਰਮੈਨ ਜਤਿੰਦਰ ਸਿੰਘ ਔਲਖ



**ਪਟਿਆਲਾ, (ਲੋਕ ਬਾਣੀ):** ਪੰਜਾਬ ਲੋਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ) ਵੱਲੋਂ ਪੰਜਾਬ ਸਿਵਲ ਸੇਵਾ (ਕਾਰਜਕਾਰੀ ਸ਼ਾਖਾ) ਦੀਆਂ ਅਸਾਮੀਆਂ ਦੀ ਭਰਤੀ ਵਾਸਤੇ ਲਈ ਜਾਣ ਵਾਲੀ ਪ੍ਰੀਲਿਮਿਨਰੀ ਪ੍ਰੀਖਿਆ ਵਿੱਚ ਸੀ ਸੈਟ ਦਾ ਪੇਪਰ ਹੁਣ ਕੇਵਲ ਕੁਆਲੀਫਾਇੰਗ ਪੇਪਰ ਵਜੋਂ ਹੀ ਲਿਆ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਪੀ.ਪੀ.ਐਸ.ਸੀ. ਦੇ ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ ਪੰਜਾਬ ਲੋਕ ਸੇਵਾ ਕਮਿਸ਼ਨ ਨੇ ਅਜਿਹਾ ਕਰਨ ਲਈ ਪੰਜਾਬ ਸਰਕਾਰ ਨੂੰ ਸਿਫ਼ਾਰਿਸ਼ ਭੇਜੀ ਸੀ, ਜਿਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮੰਨ ਲਿਆ ਹੈ।

ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਅੱਜ ਇੱਥੇ ਕਮਿਸ਼ਨ ਦੇ ਦਫ਼ਤਰ ਵਿਖੇ ਦੱਸਿਆ ਕਿ ਪੰਜਾਬ ਲੋਕ ਸੇਵਾ ਕਮਿਸ਼ਨ ਨੇ ਪੰਜਾਬ ਸਿਵਲ ਸੇਵਾ (ਕਾਰਜਕਾਰੀ ਸ਼ਾਖਾ) ਦੀ ਭਰਤੀ ਦੇ ਪ੍ਰੀਲਿਮਿਨਰੀ ਇਮਤਿਹਾਨ ਵਿੱਚ ਸੀ ਸੈਟ ਦੇ ਪੇਪਰ ਨੂੰ ਸੰਘੀ ਲੋਕ ਸੇਵਾ ਕਮਿਸ਼ਨ (ਯੂ.ਪੀ.ਐਸ.ਸੀ.) ਦੀ ਤਰਜ ਤੇ ਕਰਨ ਦਾ ਫ਼ੈਸਲਾ ਕੀਤਾ ਅਤੇ ਆਪਣੀ ਸਿਫ਼ਾਰਿਸ਼ ਪੰਜਾਬ ਸਰਕਾਰ ਨੂੰ ਭੇਜੀ, ਜਿਸ ਨੂੰ ਮੁੱਖ ਮੰਤਰੀ ਦੀ ਮਨਜ਼ੂਰੀ ਨਾਲ ਸੂਬਾ ਸਰਕਾਰ ਨੇ ਪ੍ਰਵਾਨ ਕਰ ਲਿਆ ਹੈ।ਪੰਜਾਬ ਲੋਕ ਸੇਵਾ ਕਮਿਸ਼ਨ ਦੇ ਚੇਅਰਮੈਨ ਨੇ ਅੱਗੇ ਦੱਸਿਆ ਕਿ ਪੀ.ਸੀ.ਐਸ. (ਕਾਰਜਕਾਰੀ ਸ਼ਾਖਾ) ਦੀ ਪ੍ਰੀਲਿਮਿਨਰੀ ਪ੍ਰੀਖਿਆ ਵਿੱਚ ਸੀ ਸੈਟ ਪੇਪਰ ਨੂੰ ਹੁਣ ਯੂ.ਪੀ.ਐਸ.ਸੀ. ਦੀ ਤਰਜ ਤੇ ਕੇਵਲ ਕੁਆਲੀਫਾਇੰਗ ਪੇਪਰ ਵਜੋਂ ਹੀ ਲਿਆ ਜਾਵੇਗਾ ਅਤੇ ਪੀ.ਸੀ. ਐਸ. ਦੀ ਪ੍ਰੀਲਿਮਿਨਰੀ ਪ੍ਰੀਖਿਆ ਦੀ ਮੈਰਿਟ ਹੁਣ ਕੇਵਲ ਜਨਰਲ ਸਟੱਡੀਜ਼ ਦੇ ਪੇਪਰ ਦੇ ਅਧਾਰਤ ਹੀ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੀ.ਪੀ.ਐਸ. ਸੀ. ਵੱਲੋਂ ਭਵਿੱਖ ਦੇ ਪੀ.ਸੀ. ਐਸ. ਮੇਨ ਇਮਤਿਹਾਨ ਵਿੱਚ ਜਨਰਲ ਸਟੱਡੀਜ਼ ਦੇ ਪੇਪਰ-1 ਵਿੱਚ ਪੰਜਾਬ ਦੇ ਇਤਿਹਾਸ, ਭੂਗੋਲ, ਸੱਭਿਆਚਾਰ ਅਤੇ ਅਰਥ ਵਿਵਸਥਾ ਨੂੰ ਵਿਸ਼ੇਸ਼ ਤਵੱਜੋ ਦਿੱਤੀ ਜਾਵੇਗੀ।ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਇਸ ਫ਼ੈਸਲੇ ਨਾਲ ਸਰਕਾਰੀ ਨੌਕਰੀਆਂ ਲਈ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਪੰਜਾਬ ਦੇ ਲੱਖਾਂ ਨੌਜਵਾਨਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਖਾਸ ਕਰਕੇ ਪੇਂਡੂ ਤੇ ਪੱਛੜੇ ਖੇਤਰਾਂ ਦੇ ਨੌਜਵਾਨ ਵੀ ਹੁਣ ਮੁਕਾਬਲੇ ਦੀ ਪੀ.ਸੀ.ਐਸ. ਦੀ ਇਸ ਉਚ ਪੱਧਰੀ ਪ੍ਰੀਖਿਆ ਵਿੱਚ ਬੈਠਕੇ ਦੂਜੇ ਪ੍ਰੀਖਿਆਰਥੀਆਂ ਦਾ ਮੁਕਾਬਲਾ ਕਰ ਸਕਣਗੇ। ਇਸ ਮੌਕੇ ਕਮਿਸ਼ਨ ਦੇ ਸਕੱਤਰ ਚਰਨਜੀਤ ਸਿੰਘ ਅਤੇ ਸਕੱਤਰ (ਪ੍ਰੀਖਿਆਵਾਂ) ਵਿਊਮ ਭਾਰਦਵਾਜ ਵੀ ਮੌਜੂਦ ਸਨ।

# ਮੋਹਾਲੀ ਦੇ ਪਿੰਡ ਸੋਹਾਣਾ 'ਚ ਬਹੁ-ਮੰਜ਼ਿਲਾ ਇਮਾਰਤ ਡਿੱਗੀ, ਕਈ ਲੋਕਾਂ ਦੇ ਦਬੇ ਹੋਣ ਦਾ ਖਦਸ਼ਾ



**ਚੰਡੀਗੜ੍ਹ (ਲੋਕ ਬਾਣੀ)-** ਮੋਹਾਲੀ ਤੋਂ ਇਸ ਵੇਲੇ ਦੀ ਵੱਡੀ ਖ਼ਬਰ ਸਾਹਮਣੇ ਆਈ ਹੈ। ਇਥੇ ਪਿੰਡ ਸੋਹਾਣਾ 'ਚ ਵੱਡਾ ਹਾਦਸਾ ਵਾਪਰ ਗਿਆ ਹੈ। ਇਥੇ ਬਹੁ-ਮੰਜ਼ਿਲਾ ਇਮਾਰਤ ਢਹਿ-ਢੇਰੀ ਹੋ ਗਈ ਹੈ। ਇਮਾਰਤ ਦੇ ਮਲਬੇ ਹੇਠ ਕਈ ਲੋਕਾਂ ਦੇ ਦਬੇ ਹੋਣ ਦਾ ਖਦਸ਼ਾ ਹੈ। ਇਮਾਰਤ ਡਿੱਗਦੇ ਹੀ ਬਹੁਤ ਉੱਚੀ-ਉੱਚੀ ਚੀਕਣ ਦੀਆਂ ਆਵਾਜ਼ਾਂ ਆਈਆਂ, ਜਿਸ ਨੂੰ ਸੁਣ ਕੇ ਆਸ ਪਾਸ ਦੇ ਲੋਕ ਇਕੱਠੇ ਹੋ ਗਏ ਤੇ ਮਲਬੇ ਨੂੰ ਹਟਾਉਣ ਲੱਗ ਪਏ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਵੀ ਮੌਕੇ ਤੇ ਪਹੁੰਚ ਗਈ।ਪੁਲਿਸ ਅਤੇ ਪ੍ਰਸ਼ਾਸਨ ਦੇ ਅਧਿਕਾਰੀ ਮੌਕੇ ਤੇ ਪਹੁੰਚ ਗਏ ਹਨ ਅਤੇ ਬਚਾਅ ਅਤੇ ਰਾਹਤ ਕਾਰਜ ਜਾਰੀ ਹਨ। ਦੱਸਿਆ ਜਾ ਰਿਹਾ ਹੈ ਕਿ ਸ਼ਨੀਵਾਰ ਸ਼ਾਮ ਮੋਹਾਲੀ ਦੇ ਸੋਹਾਣਾ ਚ ਸਥਿਤ ਬਿਲਡਿੰਗ ਦੇ ਨਾਲ ਲੱਗਦੀ ਇਕ ਬਿਲਡਿੰਗ ਦੇ ਬੇਸਮੈਂਟ ਚ ਖੁਦਾਈ ਦਾ ਕੰਮ ਚੱਲ ਰਿਹਾ ਸੀ। ਇਸ ਦੌਰਾਨ ਖੁਦਾਈ ਕਰਦੇ ਸਮੇਂ 3 ਮੰਜ਼ਿਲਾ ਇਮਾਰਤ ਦੀ ਨੀਂਹ ਹਿੱਲ ਗਈ ਅਤੇ ਇਮਾਰਤ ਡਿੱਗ ਗਈ। ਇਸ ਕਾਰਨ ਮੌਕੇ 'ਤੇ ਹਫੜਾ-ਦਫੜੀ ਦਾ ਮਾਹੌਲ ਬਣਿਆ ਹੋਇਆ ਹੈ।

# ਪਟਿਆਲਾ ਚ ਮਹਿਲਾ ਦੇ ਨਾਮਜ਼ਦਗੀ ਪੱਤਰ ਫਾੜਨ ਦੇ ਮਾਮਲੇ ਹਾਈਕੋਰਟ ਨੇ ਪੁਲਿਸ ਮੁਲਾਜ਼ਮਾਂ ਤੇ FIR ਦਰਜ ਕਰਨ ਦੇ ਦਿੱਤੇਆਦੇਸ਼




**ਚੰਡੀਗੜ੍ਹ-(ਲੋਕ ਬਾਣੀ)** ਭਲਕੇ ਹੋਣ ਜਾ ਰਹੀਆਂ ਪੰਜਾਬ ਦੀਆਂ ਨਗਰ ਨਿਗਮ ਚੋਣਾਂ ਦੇ ਨਾਮਜ਼ਦਗੀ ਦੌਰਾਨ ਪਟਿਆਲਾ ਚ ਮਹਿਲਾ ਦੇ ਨਾਮਜ਼ਦਗੀ ਪੱਤਰ ਫਾੜਨ ਦੇ ਮਾਮਲੇ ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੱਡਾ ਆਦੇਸ਼ ਜਾਰੀ ਕੀਤਾ ਹੈ। ਅਦਾਲਤ ਚ ਸੁਣਵਾਈ ਦੌਰਾਨ 4 ਪੁਲਿਸ ਮੁਲਾਜ਼ਮ ਤੇ 15 ਮਿੰਟ ਚ ਪਰਚਾ ਦਰਜ ਦੇ ਆਦੇਸ਼ ਜਾਰੀ ਕੀਤੇ ਹਨ। ਇਸ ਦੌਰਾਨ 17 ਨੇ ਅਦਾਲਤ ਤੋਂ ਹੋਰ ਸਮਾਂ ਮੰਗਿਆ ਹੈ। ਇਸੇ ਮਾਮਲੇ ਚ ਅੱਜ ਸ਼ਾਮ 5 ਵਜੇ ਤੋਂ ਬਾਅਦ ਵੱਡਾ ਆਦੇਸ਼ ਆਉਣ ਦੀ ਉਡੀਕ ਹੈ। ਮਾਮਲੇ ਦੀ ਮੁੜ ਸੁਣਵਾਈ ਸ਼ੁਰੂ ਹੋਏਗੀ।

# ਅੰਮ੍ਰਿਤਸਰ ਚ 5੦$ ਮਸ਼ੀਨ ਖਰਾਬ ਹੋਣ ਕਾਰਨ ਸ਼ੁਰੂ ਨਹੀਂ ਵੋਟਿੰਗ



**ਚੰਡੀਗੜ੍ਹ (ਲੋਕ ਬਾਣੀ)-** ਪੰਜਾਬ ਦੀਆਂ 5 ਨਗਰ ਨਿਗਮਾਂ ਚ ਸਵੇਰੇ 7 ਵਜੇ ਤੋਂ ਵੋਟਾਂ ਪੈ ਰਹੀਆਂ ਹਨ। ਇਨ੍ਹਾਂ ਵਿੱਚ ਜਲੰਧਰ, ਲੁਧਿਆਣਾ, ਅੰਮ੍ਰਿਤਸਰ, ਪਟਿਆਲਾ ਅਤੇ ਫਗਵਾੜਾ ਸ਼ਾਮਲ ਹਨ। ਸ਼ਾਮ 4 ਵਜੇ ਤੱਕ ਵੋਟਿੰਗ ਹੋਵੇਗੀ। ਵੋਟਿੰਗ ਖਤਮ ਹੁੰਦੇ ਹੀ ਗਿਣਤੀ ਹੋਵੇਗੀ ਅਤੇ ਨਤੀਜੇ ਐਲਾਨ ਦਿੱਤੇ ਜਾਣਗੇ।

ਅੰਮ੍ਰਿਤਸਰ ਦੇ ਵਾਰਡ 25 ਦੇ ਬੂਥ ਨੰਬਰ 2 ਵਿੱਚ ਅਜੇ ਤੱਕ ਵੋਟਿੰਗ ਸ਼ੁਰੂ ਨਹੀਂ ਹੋਈ ਹੈ। ਇੱਥੇ ਮਸ਼ੀਨ ਖਰਾਬ ਹੋ ਗਈ ਹੈ। ਵਾਰਡ 10 ਡਾਇਮੰਡ ਐਵੇਨਿਊ ਵਿੱਚ ਈਵੀਐਮ ਖ਼ਰਾਬੀ ਕਾਰਨ ਵੋਟਿੰਗ ਦੇਰੀ ਨਾਲ ਸ਼ੁਰੂ ਹੋਈ ਹੈ।ਸੂਚਨਾ ਮਿਲਦੇ ਹੀ ਪ੍ਰਸ਼ਾਸਨਿਕ ਅਧਿਕਾਰੀ ਅਤੇ ਕਰਮਚਾਰੀ ਮੌਕੇ ਤੇ ਪਹੁੰਚ ਗਏ। ਉਨ੍ਹਾਂ ਇਸ ਨੂੰ ਜਲਦੀ ਠੀਕ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਇੱਥੇ 44 ਨਗਰ ਕੌਂਸਲਾਂ ਵਿੱਚ ਵੀ ਵੋਟਿੰਗ ਸ਼ੁਰੂ ਹੋ ਗਈ ਹੈ। ਨਗਰ ਨਿਗਮਾਂ ਦੇ 368 ਵਾਰਡਾਂ ਅਤੇ ਨਗਰ ਕੌਂਸਲਾਂ ਦੇ 598 ਵਾਰਡਾਂ ਵਿੱਚ ਵੋਟਾਂ ਪਾਉਣ ਲਈ 1609 ਪੋਲਿੰਗ ਕੇਂਦਰ ਬਣਾਏ ਗਏ ਹਨ, ਜਿਨ੍ਹਾਂ ਵਿੱਚ 3809 ਪੋਲਿੰਗ ਬੂਥ ਹਨ। ਜਿਨ੍ਹਾਂ ਨਿਗਮਾਂ ਚ ਵੋਟਿੰਗ ਹੋ ਰਹੀ ਹੈ, ਉਨ੍ਹਾਂ ਚ ਕਾਂਗਰਸ ਦੇ 4 ਅਤੇ ਭਾਜਪਾ ਦੇ 1 ਮੇਅਰ ਸਨ। ਹਾਲਾਂਕਿ ਹੁਣ ਦੋ ਮੇਅਰ ਕਾਂਗਰਸ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ ਹਨ ਅਤੇ ਕਾਂਗਰਸ ਵਿੱਚੋਂ ਇੱਕ ਭਾਜਪਾ ਵਿੱਚ ਸ਼ਾਮਲ ਹੋ ਗਿਆ ਹੈ।

# ਪੰਜਾਬ ਪੁਲਿਸ ਵੱਲੋਂ ਗੈਂਗਸਟਰ ਮਾਡਿਊਲ ਦੇ ਦੋ ਮੈਂਬਰ ਗ੍ਰਿਫ਼ਤਾਰ; ਦੋ ਗਲਾਕ ਪਿਸਤੌਲ ਬਰਾਮਦ

ਚੰਡੀਗੜ੍ਹ/ਪਠਾਨਕੋਟ, (ਲੋਕ ਬਾਣੀ) ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਪਠਾਨਕੋਟ ਨੇ ਇੱਕ ਗੈਂਗਸਟਰ ਮਾਡਿਊਲ ਦੇ ਦੋ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਪੁਲਿਸ ਟੀਮਾਂ ਨੇ ਉਹਨਾਂ ਕੋਲੋਂ ਦੋ ਆਧੁਨਿਕ 9 ਐਮ.ਐਮ. ਗਲੋਕ ਪਿਸਤੌਲਾਂ ਸਮੇਤ ਚਾਰ ਮੈਗਜ਼ੀਨਾਂ ਅਤੇ 14 ਕਾਰਤੂਸ ਬਰਾਮਦ ਕੀਤੇ ਹਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।
ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਨੀਲ ਕੁਮਾਰ ਉਰਫ਼ ਆਸ਼ੂ ਵਾਸੀ ਰਾਊਵਾਲ, ਬਟਾਲਾ ਅਤੇ ਦਿਲਪ੍ਰੀਤ ਸਿੰਘ ਉਰਫ਼ ਦਿਲ ਵਾਸੀ ਰਾਏਮਲ, ਬਟਾਲਾ ਵਜੋਂ ਹੋਈ ਹੈ। ਮੁਲਜ਼ਮ ਸੁਨੀਲ ਉਰਫ਼ ਆਸ਼ੂ ਅਪਰਾਧਿਕ ਪਿਛੋਕੜ ਵਾਲਾ ਮੁਲਜ਼ਮ ਹੈ ਅਤੇ ਉਸ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਹੈ। ਉਹ 27 ਫਰਵਰੀ 20 24 ਨੂੰ ਗੁਰਦਾਸਪੁਰ ਜੇਲ੍ਹ ਤੋਂ ਜ਼ਮਾਨਤ ਤੇ ਰਿਹਾਅ ਹੋਇਆ ਸੀ।
ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲਗਾ ਹੈ ਕਿ ਮੁਲਜ਼ਮਾਂ ਨੂੰ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿੱਚੋਂ ਹਥਿਆਰਾਂ ਦੀ ਖੇਪ ਮਿਲੀ ਸੀ ਅਤੇ ਇਹ ਖੇਪ ਅੱਗੇ ਕਿਸੇ ਅਣਪਛਾਤੀ ਧਿਰ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਗਏ ਸਨ। ਉਹਨਾਂ ਅੱਗੇ ਦੱਸਿਆ ਕਿ ਹਥਿਆਰਾਂ ਦੇ ਸਰੋਤ ਦਾ ਪਤਾ ਲਗਾਉਣ ਅਤੇ ਨੈਟਵਰਕ ਵਿੱਚ ਸ਼ਾਮਲ ਹੋਰ ਸ਼ੱਕੀ ਵਿਅਕਤੀਆਂ ਦੀ ਪਛਾਣ ਲਈ ਜਾਂਚ ਜਾਰੀ ਹੈ।



ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਏਆਈਜੀ ਸੀਆਈ ਪਠਾਨਕੋਟ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਪੁਲਿਸ ਨੂੰ ਇਕ ਗੁਪਤ ਸੂਚਨਾ ਮਿਲੀ ਸੀ ਕਿ ਮੁਲਜ਼ਮ ਸੁਨੀਲ ਕੁਮਾਰ ਅਤੇ ਦਿਲਪ੍ਰੀਤ ਸਿੰਘ ਕੁਝ ਅਣਪਛਾਤੇ ਗੈਂਗਸਟਰਾਂ ਦੇ ਸੰਪਰਕ ਵਿੱਚ ਹਨ ਅਤੇ ਹਾਲ ਹੀ ਵਿੱਚ ਉਨ੍ਹਾਂ ਕੋਲੋਂ ਹਥਿਆਰਾਂ ਅਤੇ ਗੋਲੀ-ਸਿੱਕੇ ਦੀ ਇੱਕ ਖੇਪ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸੂਚਨਾ ਦੇ ਆਧਾਰ ਤੇ ਸੀਆਈ ਪਠਾਨਕੋਟ ਦੀਆਂ ਟੀਮਾਂ ਨੇ ਜਾਲ ਵਿਛਾ ਕੇ ਦੋਵਾਂ ਮੁਲਜ਼ਮਾਂ ਨੂੰ ਕਾਬੂ ਕਰ ਕੇ ਉਨ੍ਹਾਂ ਦੇ ਕਬਜ਼ੇ ਚੋਂ ਹਥਿਆਰ ਅਤੇ ਗੋਲੀ-ਸਿੱਕਾ ਬਰਾਮਦ ਕਰ ਲਿਆ।
ਏਆਈਜੀ ਨੇ ਦੱਸਿਆ ਕਿ ਮੁਲਜ਼ਮਾਂ ਵੱਲੋਂ ਬਰਾਮਦ ਕੀਤੀਆਂ ਗਈਆਂ ਪਿਛਲੀਆਂ ਖੇਪਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਜਾਰੀ ਹੈ।
ਇਸ ਸਬੰਧੀ ਐਫਆਈਆਰ ਨੰਬਰ 71 ਮਿਤੀ 21.12.2024 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 61 (2) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲੀਸ ਰਿਮਾਂਡ ਹਾਸਲ ਕੀਤਾ ਜਾਵੇਗਾ।

## ਮੋਹਾਲੀ ਚ ਬਹੁਮੰਜ਼ਿਲਾ ਇਮਾਰਤ ਦੇ ਮਲਬੇ ਚੋਂ ਇੱਕ ਵਿਅਕਤੀ ਕੱਢਿਆ ਬਾਹਰ, 15-16 ਹੋਰ ਦੱਬੇ ਹੋਣ ਦਾ ਖਦਸ਼ਾ, 3$ ਮਾਨ ਨੇ ਪ੍ਰਗਟਾਇਆ ਦੁੱਖ, ਕਿਹਾ- ਮੈਂ ਪ੍ਰਸ਼ਾਸਨ.



ਮੋਹਾਲੀ- ਪੰਜਾਬ ਦੇ ਮੋਹਾਲੀ (ਲੋਕ ਬਾਣੀ) ਚ ਸ਼ਨੀਵਾਰ ਸ਼ਾਮ ਨੂੰ ਇਕ ਬਹੁਮੰਜ਼ਿਲਾ ਇਮਾਰਤ ਢਹਿ ਗਈ। ਮਲਬੇ ਹੇਠ 15-16 ਲੋਕਾਂ ਦੇ ਦੱਬੇ ਹੋਣ ਦਾ ਖਦਸ਼ਾ ਹੈ। ਬਚਾਅ ਕਾਰਜ ਦੌਰਾਨ ਇੱਕ ਵਿਅਕਤੀ ਨੂੰ ਬਾਹਰ ਕੱਢ ਲਿਆ ਗਿਆ ਹੈ। ਹਸਪਤਾਲ ਲੈ ਗਏ ਹਨ। ਉਹ ਜ਼ਿੰਦਾ ਹੈ ਜਾਂ ਨਹੀਂ, ਇਸ ਬਾਰੇ ਕੋਈ ਰਸਮੀ ਜਾਣਕਾਰੀ ਨਹੀਂ ਮਿਲੀ ਹੈ। ©4♣6 ਦੇ ਨਾਲ ਫੌਜ ਦੀਆਂ ਟੀਮਾਂ ਮੌਕੇ ਤੇ ਬਚਾਅ ਕਾਰਜ ਚਲਾ ਰਹੀਆਂ ਹਨ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਟਵੀਟ ਕਰਕੇ ਇਸ ਘਟਨਾ ਤੇ ਦੁੱਖ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਹੈ ਕਿ ਮੈਂ ਲਗਾਤਾਰ ਪ੍ਰਸ਼ਾਸਨ ਦੇ ਸੰਪਰਕ ਚ ਹਾਂ।

## ਜਲੰਧਰ ਨਗਰ ਨਿਗਮ ਚੋਣਾਂ ਦੇ 85 ਨਤੀਜੇ, ਦੇਖੋ ਕਿਹੜੀ ਪਾਰਟੀ ਜਿੱਤੀ





ਜਲੰਧਰ (ਲੋਕ ਬਾਣੀ) ਜਲੰਧਰ ਨਗਰ ਨਿਗਮ ਚੋਣਾਂ ਦੇ ਨਤੀਜਿਆਂ 'ਚ 'ਆਪ' ਪਾਰਟੀ ਦੇ ਉਮੀਦਵਾਰਾਂ ਨੇ ਵੱਡੀ ਜਿੱਤ ਦਰਜ ਕੀਤੀ ਹੈ। ਕੁੱਲ 85 ਵਾਰਡਾਂ ਵਿੱਚੋਂ ਆਪ ਪਾਰਟੀ ਨੇ 40, ਕਾਂਗਰਸ 24, ਭਾਜਪਾ 18, ਬਸਪਾ 1 ਅਤੇ 2 ਆਜ਼ਾਦ ਉਮੀਦਵਾਰ ਜੇਤੂ ਰਹੇ। ਵਾਰਡ 64 ਤੋਂ ਭਾਜਪਾ ਦੇ ਰਾਜੀਵ ਢੀਂਗਰਾ ਨੇ ਸਾਬਕਾ ਮੇਅਰ ਜਗਦੀਸ਼ ਰਾਜਾ ਨੂੰ ਹਰਾਇਆ। ਵਾਰਡ 49 ਵਿੱਚ ਕਾਂਗਰਸ ਦੀ ਨੇਹਾ ਮਿੰਟੂ ਨੇ ਭਾਜਪਾ ਦੀ ਜਸਪਾਲ ਕੌਰ ਭਾਟੀਆ ਨੂੰ ਹਰਾ ਕੇ ਵੱਡੀ ਜਿੱਤ ਦਰਜ ਕੀਤੀ। ਵਾਰਡ 66 ਤੋਂ ਵਿਨੀਤ ਧੀਰ ਨੇ 4462 'ਚੋਂ 3829 ਵੋਟਾਂ ਨਾਲ ਸਭ ਤੋਂ ਵੱਡੀ ਇਕਤਰਫਾ ਜਿੱਤ ਹਾਸਲ ਕੀਤੀ ਹੈ, ਇੱਥੇ ਉਨ੍ਹਾਂ ਦਾ ਵੋਟ ਸ਼ੇਅਰ 85.8 ਫੀਸਦੀ ਰਿਹਾ । 'ਆਪ' ਪਾਰਟੀ ਅਤੇ ਹੋਰ ਪਾਰਟੀਆਂ ਦੇ ਜੇਤੂ ਉਮੀਦਵਾਰਾਂ ਵੱਲੋਂ ਪੂਰੇ ਜੋਸ਼ੋ-ਖਰੋਸ਼ ਨਾਲ ਜਸ਼ਨ ਮਨਾਏ ਜਾ ਰਹੇ ਹਨ।

## ਲੀਗਲ ਸਰਵਿਸਜ਼ ਯੂਨਿਟ ਫਾਰ ਚਿਲਡਰਨ (ਐੱਲ.ਐੱਸ. ਯੂ.ਸੀ) ਲਈ ਓਰੀਐਂਟੇਸ਼ਨ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ

ਮੋਗਾ, ,(ਲੋਕ ਬਾਣੀ)
ਨਾਲਸਾ ਅਤੇ ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਮਾਨਯੋਗ ਇੰਚਾਰਜ ਜ਼ਿਲਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਨਾਲਸਾ ਦੀ ਸਕੀਮ ਤਹਿਤ (ਚਾਈਲਡ ਫਰੈਂਡਲੀ ਲੀਗਲ ਸਰਵਿਸਜ਼ ਫਾਰ ਚਿਲਡਰਨ) ਸਕੀਮ-2024 ਹੇਠ ਬੱਚਿਆਂ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਲਈ ਸਪੈਸ਼ਲ ਲੀਗਲ ਸਰਵਿਸਜ਼ ਯੂਨਿਟ ਫਾਰ ਚਿਲਡਰਨ (ਐੱਲ.ਐੱਸ.ਯੂ.ਸੀ) ਦਾ ਗਠਨ ਕੀਤਾ ਗਿਆ ਸੀ। ਇਸ ਯੂਨਿਟ ਵਿੱਚ ਇੱਕ ਰਿਟਾਇਰਡ ਜੁਡੀਸ਼ੀਅਲ ਆਫਸਰ, ਚੀਫ ਲੀਗਲ ਏਡ ਡਿਫੈਂਸ ਕਾਊਂਸਲ ਮੋਗਾ ਅਤੇ ਦਫਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਵੱਖ - ਵੱਖ ਪੈਨਲ ਦੇ ਵਕੀਲ ਅਤੇ ਪੈਰਾ ਲੀਗਲ ਵਲੰਟੀਅਰ ਡਿਪਿਊਟ ਕੀਤੇ ਗਏ ਹਨ। ਇਸ ਯੂਨਿਟ ਦੀ ਅਗਵਾਈ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਜੀ ਵੱਲੋਂ ਕੀਤੀ ਜਾ ਰਹੀ ਹੈ ਅਤੇ ਨਿਗਰਾਨੀ ਅਤੇ ਸੇਧ ਦੇਣ ਦੀ ਜ਼ਿੰਮੇਵਾਰੀ ਮਾਨਯੋਗ ਰਿਟਾਇਰਡ ਜੁਡੀਸ਼ੀਅਲ ਅਫਸਰ ਵੱਲੋਂ ਨਿਭਾਈ ਜਾ ਰਹੀ ਹੈ।
ਦਫਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਇਸ ਯੂਨਿਟ ਦੇ ਪੈਨਲ ਦੇ ਵਕੀਲਾਂ ਅਤੇ ਪੈਰਾ ਲੀਗਲ ਵਲੰਟੀਅਰਾਂ ਲਈ ਮਿਤੀ 19.12.2024 ਤੋਂ 20.12.2024 ਤੱਕ ਇੱਕ ਓਰੀਐਂਟੇਸ਼ਨ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਯੂਨਿਟ ਦੇ ਮੈਂਬਰਾਂ ਨੂੰ ਟ੍ਰੇਨਿੰਗ ਦੇਣ ਲਈ ਸ੍ਰੀ ਬਿਸ਼ਨ ਸਰੂਪ, ਮਾਨਯੋਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ, ਮਿਸ ਪ੍ਰੀਤੀ ਸਾਹਨੀ ਰਿਟਾਇਰਡ ਜੁਡੀਸ਼ੀਅਲ ਅਫਸਰ, ਮਿਸ ਬਲਜਿੰਦਰ ਕੌਰ ਪ੍ਰਿੰਸੀਪਲ ਜੱਜ ਜੁਵੇਨਾਈਲ ਜਸਟਿਸ ਬੋਰਡ ਮੋਗਾ, ਸ੍ਰੀ ਸਮੀਰ ਗੁਪਤਾ, ਚੀਫ, ਐੱਲ.ਏ.ਡੀ. ਸੀ. ਮੋਗਾ ਸ੍ਰੀ ਰਜੇਸ਼ ਸ਼ਰਮਾ, ਪੈਨਲ ਵਕੀਲ ਮਿਸ ਮਨਦੀਪ ਕੌਰ ਅਤੇ ਮਿਸ ਹਰਵਿੰਦਰ ਕੌਰ ਲੀਗਲ ਕਮ ਪ੍ਰੋਬੇਸ਼ਨ ਅਫਸਰ ਡੀ.ਸੀ.ਪੀ.ਯੂ. ਮੋਗਾ ਵੱਲੋਂ ਬਤੌਰ ਰਿਸੋਰਸ ਪਰਸਨ ਵੱਲੋਂ ਟ੍ਰੇਨਿੰਗ ਦਿੱਤੀ ਗਈ।
(ਫੋਟੋ:ਸ਼੍ਰੀ ਬਿਸ਼ਨ ਸਰੂਪ ਮਾਨਯੋਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਜੀ ਤੇ ਹੋਰ ਰਿਸੋਰਸ ਪਰਸਨ ਐੱਲ.ਐੱਸ.ਯੂ.ਸੀ. ਦੇ ਮੈਂਬਰਾਂ ਨੂੰ ਟ੍ਰੇਨਿੰਗ ਦਿੰਦੇ ਹੋਏ।)

## 25ਵਾਂ ਵਾਰਸ਼ਿਕ ਪਰਿਵਾਰ ਮਿਲਣ ਸਮਾਰੋਹ ਅਤੇ ਖ਼ੂਨ ਦਾਨ ਕੈਂਪ 22 ਦਸੰਬਰ ਨੂੰ ਕੀਤਾ ਜਾਵੇਗਾ ਆਯੋਜਨ



ਨਾਭਾ(ਲੋਕ ਬਾਣੀ) ਆਲ ਇੰਡੀਆ ਮੀਆਂਵਾਲੀ ਬਰਾਦਰੀ ਡਿਸਟੀਕ ਇਕਾਈ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਜਸਪਾਲ ਜੂਨੇਜਾ ਦੀ ਅਗਵਾਈ ਵਿੱਚ ਪਰਿਵਾਰ ਮਿਲਣ ਸਮਾਰੋਹ ਅਤੇ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਸਪਾਲ ਜੂਨੇਜਾ ਵੱਲੋਂ ਦੱਸਿਆ ਗਿਆ ਕਿ 22 ਦਸੰਬਰ ਦਿਨ ਐਤਵਾਰ ਨੂੰ ਲਾਇਨਜ ਭਵਨ ਸਿਨੇਮਾ ਰੋਡ ਵਿਖੇ ਇਹ ਪ੍ਰੋਗਰਾਮ ਕੀਤਾ ਜਾਵੇਗਾ ਜਿਸ ਵਿੱਚ ਹੋਣਹਾਰ ਬੱਚੇ ਅਤੇ ਬਜ਼ੁਰਗਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ ਅਤੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ ਜਿਸ ਵਿੱਚ ਬਲੱਡ ਬੈਂਕ ਮੈਡੀਕਲ ਪਟਿਆਲਾ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ ਇਸ ਲਈ ਸਭ ਨੂੰ ਬੇਨਤੀ ਹੈ ਪਰਿਵਾਰ ਸਮੇਤ ਪਹੁੰਚ ਕੇ ਹੌਂਸਲਾ ਵਧਾਈ ਕਰੋ ਅਤੇ ਇਸ ਮੌਕੇ ਮਲਕੀਤ ਗਰੁੱਪ ਦੇ ਐਮ ਡੀ ਰੋਟਰੀ ਕਲੱਬ ਦੇ ਪ੍ਰਧਾਨ ਚਰਨ ਸਿੰਘ ਅਤੇ ਇਸ ਮੌਕੇ ਸੰਜੇ ਢੀਂਗਰਾ, ਸੁਨੀਲ ਮੇਹਦੀਰਤਾ, ਉਮੇਸ਼ ਖੇਤਰਪਾਲ, ਮੁਕੇਸ਼, ਰਾਕੇਸ਼ ਖੇਤਰਪਾਲ,ਪੂਰਨ ਗੁਲਾਟੀ, ਅਸ਼ਵਨੀ ਸਚਦੇਵਾ,ਇੰਦਰ ਜਤਵਾਨੀ ਅਤੇ ਹੋਰ ਵੀ ਸਾਰੇ ਮੈਂਬਰ ਮੌਜੂਦ ਸਨ ਅਤੇ ਜਸਪਾਲ ਜੂਨੇਜਾ ਵੱਲੋਂ ਇਹ ਵੀ ਦੱਸਿਆ ਗਿਆ ਕਿ ਇਸ ਖ਼ੂਨਦਾਨ ਵਿੱਚ ਵਿਸ਼ੇਸ਼ ਸਹਿਯੋਗ ਮਾਨਵ ਉੱਤਮ ਸੇਵਾ ਸਟੇਟ ਅਵਾਰਡੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ

# ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਡਾ ਭੀਮ ਰਾਓ ਅੰਬੇਦਕਰ ਪ੍ਰਤੀ ਕੀਤੀ ਗਲਤ ਬਿਆਨੀ ਤੇ ਐਸ ਸੀ ਭਾਈਚਾਰੇ ਵਿੱਚ ਰੋਸ




**ਗਿੱਦੜਬਾਹਾ/(ਲੋਕ ਬਾਣੀ)** ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪਿਛਲੇ ਦਿਨੀਂ ਭਾਰਤ ਦੇ ਸੰਵਿਧਾਨ ਨਿਰਮਾਤਾ ਡਾ ਭੀਮ ਰਾਓ ਅੰਬੇਦਕਰ ਦੇ ਪ੍ਰਤੀ ਦਿੱਤੇ ਗ਼ਲਤ ਬਿਆਨ ਖਿਲਾਫ ਗਿੱਦੜਬਾਹਾ ਦੇ ਸਮੂਹ ਐਸ ਸੀ ਵਰਗ ਵੱਲੋਂ ਸ਼ਹਿਰ ਦੇ ਬਾਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਘੰਟਾ ਘਰ ਚੌਂਕ ਵਿਖੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੁਤਲਾ ਫੂਕ ਕੇ ਜੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਬਹੁਜਨ ਸੁਰੱਖਿਆ ਦਲ ਦੇ ਪੰਜਾਬ ਪ੍ਰਧਾਨ ਧਰਮਪਾਲ ਧੰਮੀ ਅਤੇ ਸਫਾਈ ਸੈਨਿਕ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਰਾਜੇਸ਼ ਕੁਮਾਰ ਬਾਬੀ ਟਾਂਕ ਨੇ ਦੱਸਿਆ ਕਿ ਪਿਛਲੇ ਦਿਨੀਂ ਰਾਜ ਸਭਾ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਦਕਰ ਦੇ ਪ੍ਰਤੀ ਭੱਦੀ ਸ਼ਬਦਾਵਲੀ ਕਰਦੇ ਕਿਹਾ ਸੀ ਕਿ ਅੰਬੇਦਕਰ ਅੰਬੇਦਕਰ ਕਰਨ ਦੀ ਬਜਾਏ ਜੇਕਰ ਪ੍ਰਮਾਤਮਾ ਦਾ ਨਾਮ ਜਪਦੇ ਤਾਂ ਕਈ ਪੀੜ੍ਹੀਆਂ ਦਾ ਭਲਾ ਹੋ ਜਾਂਦਾ । ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਨੇ ਅਜਿਹਾ ਬਿਆਨ ਦੇ ਕੇ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਦਾ ਅਪਮਾਨ ਕੀਤਾ ਹੈ, ਜਿਸ ਨਾਲ ਸਮੂਹ ਐਸ ਸੀ,ਬੀ ਸੀ, ਅਤੇ ਐਸ ਟੀ, ਸਮਾਜ ਦੇ ਹਿਰਦੈ ਵਲੂੰਦਰੇ ਗਏ ਹਨ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਦਕਰ ਭਾਰਤ ਦੇਸ਼ ਦੇ ਕਰੋੜਾਂ ਐਸ ਸੀ ਸਮਾਜ ਦੇ ਭਗਵਾਨ ਹਨ, ਜਿਨਾਂ ਨੇ ਸੰਵਿਧਾਨ ਵਿੱਚ ਐਸ ਸੀ ਸਮਾਜ ਲਈ ਢੁਕਵੇਂ ਅਧਿਕਾਰ ਦਿੱਤੇ ਹਨ। ਇਸ ਲਈ ਐਸ ਸੀ ਸਮਾਜ ਵੱਲੋਂ ਆਪਣੇ ਰਹਿਬਰ ਡਾ ਭੀਮ ਰਾਓ ਦਾ ਅਪਮਾਨ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚਿਤਾਵਨੀ ਦਿੰਦੇ ਕਿਹਾ ਕਿ ਜੇਕਰ ਗ੍ਰਹਿ ਮੰਤਰੀ ਨੇ ਸੰਸਦ ਵਿੱਚ ਡਾ ਭੀਮ ਰਾਓ ਅੰਬੇਦਕਰ ਦੇ ਕੀਤੇ ਅਪਮਾਨ ਦੀ ਮਾਫੀ ਨਾ ਮੰਗੀ ਤਾਂ ਪੰਜਾਬ ਸਮੇਤ ਪੂਰਾ ਭਾਰਤ ਬੰਦ ਕਰਵਾਇਆ ਜਾਵੇਗਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਰੋਸ਼ਨ ਲਾਲ ਚੋਧਰੀ, ਰਿੰਕੂ ਰੋਟੀਆਂ, ਰਮੇਸ਼ ਕੁਮਾਰ ਫੌਜੀ ਐਮ ਸੀ,ਹਰਿ ਰਾਮ ,ਬੰਤੂ ਕਰਾੜ , ਡਿੰਪਲ ਡਿੰਪੀ,ਕਾਲਾ ਸਿੰਘ, ਗੁਰਪ੍ਰੀਤ ਮਾਨ,ਜੱਸਲ ਟੇਲਰ, ਰਵਿੰਦਰ ਡੀ ਸੀ,ਰਾਮ ਚੰਦ,ਬਾਬੂ ਰਾਮ,ਕਾਲਾ ਪਲੰਬਰ, ਰਿੰਕੂ ਕੁਮਾਰ ਅਤੇ ਵੱਡੀ ਗਿਣਤੀ ਦੇ ਵਿਚ ਐਸ ਸੀ,ਬੀ ਸੀ, ਅਤੇ ਐਸ ਟੀ, ਸਮਾਜ ਦੇ ਪੈਰੋਕਾਰ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਕੈਬਨਿਟ ਮੰਤਰੀ ਪੰਜਾਬ ਡਾ ਬਲਜੀਤ ਕੌਰ ਵੱਲੋਂ ਮਲੋਟ ਦੇ ਵਾਰਡ ਨੰਬਰ 10 ਚੋ ਲੋਕਾਂ ਦੀਆਂ ਸੁਣੀਆਂ ਮੁਸ਼ਕਿਲਾਂ



**ਮਲੋਟ/(ਲੋਕ ਬਾਣੀ)**/ਪੰਜਾਬ ਕੈਬਨਿਟ ਮੰਤਰੀ ਅਤੇ ਮਲੋਟ ਹਲਕੇ ਤੋਂ ਵਿਧਾਇਕ ਡਾ ਬਲਜੀਤ ਕੌਰ ਵੱਲੋਂ ਮਲੋਟ ਸ਼ਹਿਰ ਦੇ ਵਾਰਡ ਨੰਬਰ 10 ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦੇ ਇਲਾਜ ਲਈ ਜ਼ਰੂਰੀ ਉਪਰਾਲੇ ਕੀਤੇ ਲੋੜਵੰਦਾਂ ਦੀ ਪੈਨਸ਼ਨ ਲਗਾਈ ਗਈ ਅਤੇ ਨਾਲ ਹੀ ਹੋਰ ਲੋੜਵੰਦ ਬੱਚਿਆਂ ਨੂੰ ਸਪਾਸਰਸਿਪ ਲਈ ਰਜਿਸਟਰ ਕੀਤਾ। ਇਸ ਮੌਕੇ ਤੇ ਬਲਾਕ ਪ੍ਰਧਾਨ ਗਗਨ ਔਲਖ, ਸਾਬਕਾ ਪ੍ਰਧਾਨ ਨਗਰ ਕੌਂਸਲ ਸਤਗੁਰ ਦੇਵ ਪੱਪੀ,ਰਾਜੀਵ ਬਾਵਾ, ਅਤੇ ਵਾਰਡ ਨੰਬਰ 10 ਦੇ ਇੰਚਾਰਜ ਪ੍ਰਦੀਪ ਕੁਮਾਰ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਸਾਹਿਬਾਨ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਨੈੱਟਬਾਲ ਨੈਸ਼ਨਲ ਵਿੱਚ ਬਾਬਾ ਫਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਰਤਿੰਦਰਦੀਪ ਕੋਰ ਨੇ ਕੀਤਾ ਵਧੀਆ ਪ੍ਰਦਰਸ਼ਨ



**ਗਿੱਦੜਬਾਹਾ/ (ਲੋਕ ਬਾਣੀ)** ਬਾਬਾ ਫਰੀਦ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਛੱਤਿਆਣਾਂ ਦੀ ਹੋਣਹਾਰ ਵਿਦਿਆਰਥਣ ਰਤਿੰਦਰਦੀਪ ਕੋਰ ਪੁੱਤਰੀ ਨਿਰਮਲ ਸਿੰਘ ਨੇ ਵਰਗ 17 ਸਾਲ ਨੈੱਟਬਾਲ ਵਿਚ ਨੈਸ਼ਨਲ ਵਿੱਚੋਂ ਸੋਨੇ ਦਾ ਤਗਮਾ ਹਾਸਿਲ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨੈੱਟਬਾਲ ਦੇ ਕੋਚ ਮਨਪ੍ਰੀਤ ਸਿੰਘ ਅਤੇ ਗੁਰਮੇਲ ਸਿੰਘ ਡੀਪੀਈ ਨੇ ਦੱਸਿਆ ਕਿ ਬੀਤੇ ਦਿਨੀਂ ਲੁਧਿਆਣਾ ਵਿਖੇ ਵਰਗ 17 ਸਾਲ ਨੈੱਟਬਾਲ ਦੀਆਂ 68 ਵੀਆਂ ਨੈਸ਼ਨਲ ਸਕੂਲੀ ਖੇਡਾਂ ਹੋਈਆਂ, ਜਿਨਾਂ ਵਿੱਚ ਪੰਜਾਬ ਦੀ ਟੀਮ ਵਿੱਚ ਰਤਿੰਦਰਦੀਪ ਕੋਰ ਨੇ ਵੀ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ। ਪੰਜਾਬ ਦੀ ਟੀਮ ਨੇ ਨੈਸ਼ਨਲ ਵਿੱਚੋਂ ਸੋਨੇ ਦਾ ਤਗਮਾ ਹਾਸਲ ਕੀਤਾ, ਜਿਸ ਵਿੱਚ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਨੇ ਇਹ ਪ੍ਰਾਪਤੀ ਕਰਕੇ ਸ੍ਰੀ ਮੁਕਤਸਰ ਸਾਹਿਬ ਦਾ ਨਾਮ ਰੌਸ਼ਨ ਕੀਤਾ ਉਨ੍ਹਾਂ ਦੱਸਿਆ ਕਿ ਖਿਡਾਰਨ ਰਤਿੰਦਰਦੀਪ ਕੋਰ ਦੇ ਸਕੂਲ ਆਉਣ ਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਅਤੇ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਨੇ ਨਿੱਘਾ ਸਵਾਗਤ ਕਰਦੇ ਹੋਏ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਹਰਜੀਤ ਸਿੰਘ ਬਰਾੜ ਨੇ ਵਿਦਿਆਰਥਣ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਮਾਪਿਆਂ ਨੂੰ ਧੀਆ ਦੇ ਪਾਲਣ ਪੋਸ਼ਣ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ ਕਿਉਂਕਿ ਧੀਆਂ ਹਰ ਖੇਤਰ ਵਿੱਚ ਆਪਣੀ ਪਹਿਚਾਣ ਆਪ ਬਣਾ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾ ਵਿੱਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਰੇਸ਼ ਕੁਮਾਰ ਡੀਪੀਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਗਿਲਜੇਵਾਲਾ,ਐਚਓਡੀ ਬਲਕਰਨ ਸਿੰਘ, ਸੁਖਦੀਪ ਸਿੰਘ, ਮਨਦੀਪ ਕੌਰ, ਅਮਨਦੀਪ ਕੌਰ,ਕਲਾਸ ਇੰਚਾਰਜ ਜਗਮੀਤ ਸਿੰਘ, ਕਿਰਨਦੀਪ ਕੌਰ, ਸੁਖਪ੍ਰੀਤ ਸਿੰਘ ਤੋਂ ਇਲਾਵਾ ਸਕੂਲ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਖਿਡਾਰਣ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਰੋਜ਼ਾਨਾ ਲੋਕ ਬਾਣੀ www.lokbani

# ਖਰੜ ਦੀ ਵਾਰਡ ਨੰਬਰ 16 ਦੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਅੰਜੂ ਚੰਦਰ 738 ਵੋਟਾਂ ਨਾਲ ਜੇਤੂ



**ਖਰੜ, (ਕਾਲਾਂ ਸਿੰਘ ਸੈਣੀ )**- ਨਗਰ ਕੌਂਸਲ ਖਰੜ ਦੀ ਵਾਰਡ ਨੰਬਰ 16 ਦੀ ਹੋਈ ਜਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਅੰਜੂ ਚੰਦਰ ਨੇ ਆਪਣੇ ਵਿਰੋਧੀ ਆਜ਼ਾਦ ਉਮੀਦਵਾਰ ਮਨਦੀਪ ਸਿੰਘ ਨੂੰ 93 ਵੋਟਾਂ ਨਾਲ ਹਰਾਕੇ ਜਿੱਤ ਪ੍ਰਾਪਤ ਕੀਤੀ ਹੈ। ਇਸ ਹੋਈ ਚੋਣ ਬਾਰੇ ਬੂ ਥ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਬੀਬੀ ਅੰਜੂ ਚੰਦਰ ਨੂੰ 738 ਵੋਟਾਂ ਪ੍ਰਾਪਤ ਹੋਈਆਂ ਜਦੋਂ ਕਿ ਉਹਨਾਂ ਦੇ ਵਿਰੋਧੀ ਆਜ਼ਾਦ ਉਮੀਦਵਾਰ ਮਨਦੀਪ ਸਿੰਘ ਨੂੰ 645 ਵੋਟਾਂ , ਕਾਂਗਰਸ ਪਾਰਟੀ ਦੀ ਉਮੀਦਵਾਰ ਸ਼ਸ਼ੀ ਅਗਨੀਹੋਤਰੀ ਨੂੰ 103 ਵੋਟਾਂ,ਬੀਜੇਪੀ ਦੇ ਪਵਨ ਮਨੋਚਾ ਨੂੰ 81 ਵੋਟਾਂ, ਆਜ਼ਾਦ ਉਮੀਦਵਾਰ ਸਿਮਨਦੀਪ ਕੌਰ ਨੂੰ 54 ਵੋਟਾਂ ਅਤੇ ਵੋਟਰਾਂ ਵੱਲੋਂ ਨੋਟਾਂ ਨੂੰ 14 ਵੋਟਾਂ ਪਾਈਆਂ ਗਈਆਂ ਹਨ। ਜ਼ਿਕਰਯੋਗ ਹੈ ਕਿ ਵਾਰਡ ਨੰਬਰ 16 ਜਿੱਥੋਂ ਕਿ ਸ਼੍ਰੋਮਣੀ ਅਕਾਲੀ ਦਲ ਦੇ ਕੇਸਰ ਸਿੰਘ ਕੌਂਸਲਰ ਸਨ ਅਤੇ ਜਿਨਾਂ ਵੱਲੋਂ ਇਹ ਸੀਟ 250 ਤੋਂ ਉੱਪਰ ਵੋਟਾਂ ਦੇ ਫਰਕ ਨਾਲ ਬੀਬੀ ਅੰਜੂ ਚੰਦਰ ਦੇ ਪਤੀ ਪ੍ਰਿੰਸੀਪਲ ਜਸਬੀਰ ਚੰਦਰ ਨੂੰ ਹਰਾਕੇ ਜਿੱਤੀ ਗਈ ਸੀ ਪਰ ਕੇਸਰ ਸਿੰਘ ਦੀ ਹੋਈ ਬੇਵਕਤੀ ਮੌਤ ਤੋਂ ਬਾਅਦ ਇਹ ਸੀਟ ਖਾਲੀ ਹੋਈ ਹੋ ਗਈ ਸੀ। ਜਿਸ ਉੱਤੇ ਅੱਜ ਵੋਟਾਂ ਪਈਆਂ ਸਨ ਇਹ ਸੀਟ ਆਮ ਆਦਮੀ ਪਾਰਟੀ ਵੱਲੋਂ ਜਿੱਤੇ ਜਾਣ ਤੋਂ ਬਾਅਦ ਹੁਣ ਨਗਰ ਕੌਂਸਲ ਖਰੜ ਦੀ ਪ੍ਰਧਾਨਗੀ ਨੂੰ ਲੈ ਕੇ ਵੀ ਖਿੱਚੋ ਤਾਣ ਹੋਣ ਦੀ ਸੰਭਾਵਨਾ ਵੱਧ ਗਈ ਹੈ ਵੱਧ ਗਈ ਹੈ ਕਿਉਂਕਿ ਪਹਿਲਾ ਵੀ ਨਗਰ ਕੌਂਸਲ ਦੀ ਪ੍ਰਧਾਨ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਗਈ ਸੀ ਪਰ ਹੁਣ ਇਸ ਤੋਂ ਬਾਅਦ ਹੁਣ ਜੋ ਕੁਝ ਹੋਵੇਗਾ ਇਹ ਤਾਂ ਆਉਣ ਵਾਲਾ ਸਮਾਂ ਆਪਣੀ ਬੁੱਕਲ ਵਿੱਚ ਲੁਕਾ ਕੇ ਬੈਠਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮਨਾਉਂਦੇ ਹੋਏ ਪ੍ਰਭਾਤ ਫੇਰੀ ਕੀਤੀ ਸ਼ੁਰੂ



**ਗਿੱਦੜਬਾਹਾ/ (ਲੋਕ ਬਾਣੀ)** ਸ੍ਰੀ ਗੁਰੂ ਗੋਬਿੰਦ ਸਿੰਘ ਦੇ ਜਨਮ ਦਿਹਾੜੇ ਨੂੰ ਮਨਾਉਂਦੇ ਹੋਏ ਸਮੂਹ ਸੰਗਤ ਮੁਹੱਲਾ ਨਿਵਾਸੀਆਂ ਨੇ ਪ੍ਰਭਾਤ ਫੇਰੀ ਵਿੱਚ ਗੁਰੂ ਕਾ ਕੀਰਤਨ ਕੀਤਾ ਅਤੇ ਇਸ ਮੌਕੇ ਤੇ ਚਾਹ ਅਤੇ ਬਰੈਡਾਂ ਦੀ ਸੇਵਾ ਕੀਤੀ ਗਈ। ਸਾਬਕਾ ਐਮ ਸੀ ਸ ਸਰਬਜੀਤ ਸਿੰਘ, ਬਬਲੂ ਜੁਨੇਜਾ, ਮਨਦੀਪ ਜੱਸੀ, ਅਵਤਾਰ ਸਿੰਘ ਸਿੰਕੂ, ਸੰਧੂ ਬਾਲਾ ਜੀ ਫਲੈਕਸ ਗਿੱਦੜਬਾਹਾ, ਜਸਵਿੰਦਰ ਸਿੰਘ ਗੱਗੂ, ਸੁੱਖ ਦਰਸ਼ਨ ਸਿੰਘ,ਰਵੀ ਟੇਲਰ, ਆਸ਼ੂ ਬੱਬਰ, ਸੰਦੀਪ ਸਿੰਘ ਹੈਪੀ, ਯਸ਼ ਬਤਰਾ, ਹਰਿੰਦਰ,ਵਿੱਕੀ ਟੇਲਰ, ਅੰਕੁਰ ਬੱਬਰ,ਰਿਕੀ ਪੰਜਾਬ ਪੁਲਿਸ,ਮਹੇਸੀ,ਮੋਨੂ ਜੁਨੇਜਾ,ਮਗਾ ਧਨੀਜਾ, ਰਾਜੀਵ ਸ਼ਰਮਾ, ਸੁਖਮੰਦਰ ਸਿੰਘ ਬਬਲਾ ਟੇਲਰ ਮਾਸਟਰ,ਸੋਨੂ ਪ੍ਰੇਮੀ ਅਤੇ ਟਿੰਕੂ ਟਾਕਨ ਦਾਸ ਹਲਵਾਈ, ਇਹਨਾਂ ਸਾਰੀਆਂ ਨੇ ਸੇਵਾਦਾਰਾ ਨੇ ਸੇਵਾ ਵਿੱਚ ਵੱਧ ਚੜ੍ਹ ਕੇ ਯੋਗਦਾਨ ਦਿੱਤਾ

ਰੋਜ਼ਾਨਾ ਲੋਕ ਬਾਣੀ www.lokbani

# ਕਿਸਾਨ ਅੰਦੋਲਨ ਕਿਸਾਨਾਂ ਦੀ ਆੜ ਵਿੱਚ ਵਿਸ਼ਵ ਵਪਾਰ ਸੰਗਠਨ ਦੀ ਆਪਣੀ ਲੜਾਈ ਹੈ: ਹਰਜੀਤ ਗਰੇਵਾਲ

**ਚੰਡੀਗੜ੍ਹ, ( ਸੁਸ਼ੀਲ ਸ਼ਰਮਾ ):** ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਰਾਸਟਰੀ ਕਾਰਜਕਰਨੀ ਮੈਂਬਰ ਹਰਜੀਤ ਸਿੰਘ ਗਰੇਵਾਲ ਨੇ ਖਨੌਰੀ ਬਾਰਡਰ ਤੇ ਲੱਗੇ ਕਿਸਾਨਾਂ ਦੇ ਧਰਨੇ ‘ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੂੰਹ ਤੋੜ ਜਵਾਬ ਦਿੰਦਿਆਂ ਕਿਹਾ ਕਿ ਕੈਨੇਡਾ ‘ਚ ਬੈਠੀਆਂ ਭਾਰਤ ਅਤੇ ਪੰਜਾਬ ਵਿਰੋਧੀ ਤਾਕਤਾਂ ਨੇ ਕੈਨੇਡਾ ਚ ਬੈਠੀਆਂ ਭਾਰਤ ਅਤੇ ਪੰਜਾਬ ਵਿਰੋਧੀ ਤਾਕਤਾਂ ਨੇ ਕਿਸਾਨੀਂ ਧਰਨੇ ‘ਤੇ ਕਬਜਾ ਕਰ ਲਿਆ ਹੈ। ਇਹ ਲੋਕ ਕੈਂਸਰ ਤੋਂ ਪੀੜਤ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਖਤਮ ਨਹੀਂ ਕਰਨ ਦੇਣਗੇ। ਉਨ੍ਹਾਂ ਕਿਹਾ ਕਿ ਡੱਲੇਵਾਲ ਇੱਕ ਸੁਲਝੇ ਹੋਏ ਅਤੇ ਇਮਾਨਦਾਰ ਆਗੂ ਹਨ ਅਤੇ ਉਹ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੀ ਚਾਹੁੰਦੀ ਹੈ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਹੋਵੇ।

ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੀ 10,000 ਕਰੋੜ ਰੁਪਏ ਦੀ ਲੁੱਟ ਹੋਈ ਹੈ, ਜਦਕਿ ਹਰਿਆਣਾ ਦੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫਸਲਾਂ ਦਾ ਪੂਰਾ ਭਾਅ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਿਆਸਤਦਾਨਾਂ, ਅਧਿਕਾਰੀਆਂ ਅਤੇ ਕਾਰੋਬਾਰੀਆਂ ਦਾ ਗਠਜੋੜ ਹੈ। ਇਹ ਸਾਰੇ ਕੈਨੇਡਾ ਦੇ ਨਿੱਝਰ ਗਰੁੱਪ ਦੇ ਸਾਥੀ ਹਨ, ਜਿਨ੍ਹਾਂ ਦਾ ਉਥੋਂ ਦੇ ਗੁਰਦੁਆਰਿਆਂ ਤੇ ਕਬਜ਼ਾ ਹੈ ਅਤੇ ਜੋ ਇੱਥੇ ਆ ਕੇ ਬੈਠੇ ਹਨ। ਇਹ ਲੋਕ ਡੱਲੇਵਾਲ ਦੀ ਜਾਂਚ ਵੀ ਨਹੀਂ ਹੋਣ ਦੇ ਰਹੇ। ਗਰੇਵਾਲ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੀ ਤਬੀਅਤ ਬਹੁਤ ਖਰਾਬ ਹੈ ਅਤੇ ਉਸ ਦਾ ਇਲਾਜ ਹੋਣਾ ਚਾਹੀਦਾ ਹੈ, ਜਿਸ ਨੂੰ ਇਹ ਕਥਿਤ ਲੋਕ ਰੋਕ ਰਹੇ ਹਨ।



ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਭਾਰਤ ਅਤੇ ਪੰਜਾਬ ਵਿਰੋਧੀ ਤਾਕਤਾਂ ਭਾਰਤ ਅਤੇ ਪੰਜਾਬ ਦਾ ਮਾਹੌਲ ਖਰਾਬ ਕਰਨ ਤੇ ਤੁਲੀਆਂ ਹੋਈਆਂ ਹਨ। ਇਹ ਦੇਸ਼ ਵਿਰੋਧੀ ਤਾਕਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਅਕਸ ਖਰਾਬ ਕਰਨਾ ਚਾਹੁੰਦੀਆਂ ਹਨ, ਜਗਜੀਤ ਡੱਲੇਵਾਲ ਨਹੀਂ। ਇਹ ਕਿਸਾਨਾਂ ਦੀ ਨਹੀਂ ਸਗੋਂ ਵਿਸ਼ਵ ਵਪਾਰ ਸੰਸਥਾ (➾“®) ਦੀ ਲੜਾਈ ਹੈ। ਇਹ ਲੋਕ ਕਿਸਾਨਾਂ ਦੀ ਆੜ ਵਿੱਚ ਆਪਣੇ ਟੀਚੇ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਪ੍ਰਧਾਨ ਮੰਤਰੀ ਮੋਦੀ ਦੇ ਅਕਸ ਨੂੰ ਖਰਾਬ ਕਰਨ ਅਤੇ ਦੇਸ਼ ਦੇ ਹਾਲਾਤ ਖਰਾਬ ਕਰਨ ਦੀ ਸੁਪਾਰੀ ਇਨ੍ਹਾਂ ਦੇਸ਼ ਵਿਰੋਧੀ ਤਾਕਤਾਂ ਨੂੰ ਦਿੱਤੀ ਹੈ। ਇਸੇ ਲਈ ਉਹ ਕਿਸਾਨ ਅੰਦੋਲਨ ਨੂੰ ਲੰਮਾ ਖਿਚਣਾ ਚਾਹੁੰਦੇ ਹਨ। ਕਿਸਾਨ ਖ਼ੁਦ ਨਹੀਂ ਜਾਣਦੇ ਕਿ ਉਨ੍ਹਾਂ ਨਾਲ ਕੀ ਹੋ ਰਿਹਾ ਹੈ ?

ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ, ਕੋਈ ਵੀ ਭਾਜਪਾ ਆਗੂ ਜਾਂ ਕੋਈ ਵਰਕਰ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਜੀ ਦਾ ਅਪਮਾਨ ਨਹੀਂ ਕਰ ਸਕਦਾ। ਉਨ੍ਹਾਂ ਦੇ ਜੋ ਵੀ ਸਥਾਨ ਹਨ, ਉਨ੍ਹਾਂ ਦੇ ਸਥਾਨਾਂ ਦਾ ਵਿਕਾਸ ਅਤੇ ਸੁੰਦਰੀਕਰਨ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵਲੋਂ ਕੀਤਾ ਗਿਆ ਹੈ। ਅਮਿਤ ਸ਼ਾਹ ਜੀ ਨੇ ਬਾਬਾ ਸਾਹਿਬ ਬਾਰੇ ਕੁਝ ਨਹੀਂ ਕਿਹਾ, ਉਨ੍ਹਾਂ ਨੇ ਸਿਰਫ ਇੰਨਾ ਹੀ ਕਿਹਾ ਕਿ ਜਿੰਨਾ ਤੁਸੀਂ ਬਾਬਾ ਸਾਹਿਬ ਜੀ ਦਾ ਨਾਮ ਲੈਂਦੇ ਹੋ, ਓਨਾ ਹੀ ਰੱਬ ਦਾ ਨਾਮ ਵੀ ਲਓ, ਤੁਹਾਡੇ ਲਈ ਚੰਗਾ ਹੋਵੇਗਾ।‘ ਇਸ ਵਿੱਚ ਗਲਤ ਕੀ ਹੈ ? ਕਾਂਗਰਸ ਅਤੇ ਵਿਰੋਧੀ ਧਿਰ ਤੇ ਨਿਸ਼ਾਨਾ ਸਾਧਦੇ ਹੋਏ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਾਂਗਰਸ ਇੰਨੇ ਸਾਲ ਕੇਂਦਰ ਚ ਸੱਤਾ ਚ ਰਹੀ ਅਤੇ ਉਨ੍ਹਾਂ ਨੇ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਨੂੰ ਚੋਣਾਂ ਵਿੱਚ ਹਰਾਇਆ ਅਤੇ ਸੰਸਦ ਚ ਜਾਣ ਤੋਂ ਵੀ ਰੋਕਿਆ।

ਹਰਜੀਤ ਸਿੰਘ ਗਰੇਵਾਲ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਜਾਂਚ ਤੱਕ ਹਟਾਏ ਜਾਣ ਦੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਖ਼ਿਲਾਫ਼ ਸਾਜ਼ਿਸ਼ ਰਚੀ ਗਈ ਹੈ। ਇਹ ਸਭ ਕਬਜ਼ੇ ਦੀ ਖੇਡ ਹੈ। ਕਿਉਂਕਿ ਤਖਤਾਂ ਤੇ ਪਰਿਵਾਰਵਾਦ ਦਾ ਕਬਜ਼ਾ ਹੈ। ਜਦੋਂ ਉਨ੍ਹਾਂ ਦਾ ਕਬਜ਼ਾ ਉਨ੍ਹਾਂ ਦੇ ਹੱਥੋਂ ਨਿਕਲਿਆ ਤਾਂ ਉਹ ਅਜਿਹੀਆਂ ਸਾਜ਼ਿਸ਼ਾਂ ਰਚ ਰਹੇ ਹਨ। ਪਰ ਪੰਥ ਦੇ ਲੋਕ ਸਮਝਦਾਰ ਹਨ ਅਤੇ ਹਰ ਕੋਈ ਜਾਣਦਾ ਹੈ ਕਿ ਕੀ ਹੋ ਰਿਹਾ ਹੈ ?

# ਸੰਯੁਕਤ ਕਿਸਾਨ ਮੋਰਚੇ ਵੱਲੋਂ 23 ਦਸੰਬਰ ਨੂੰ ਡੀਸੀ ਦਫਤਰ ਅੱਗੇ ਦਿੱਤਾ ਜਾਵੇਗਾ ਵਿਸ਼ਾਲ ਧਰਨਾ

**ਗੁਰਦਾਸਪੁਰ-ਨਵਨੀਤ ਕੁਮਾਰ -**

ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਦੀ ਇੱਕ ਭਰਵੀਂ ਮੀਟਿੰਗ ਸ਼ਹੀਦ ਬਲਜੀਤ ਸਿੰਘ ਫਾਜ਼ਲਾਬਾਦ ਭਵਨ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਸੀ ਲਖਵਿੰਦਰ ਸਿੰਘ ਮੰਜਿਆਂਵਾਲੀ (ਬੀਕੇਯੂ ਉਗਰਾਹਾਂ) ਨੇ ਕੀਤੀ ।ਮੀਟਿੰਗ ਵਿੱਚ ਐਸਕੇਐਮ ਨਾਲ ਸਬੰਧਤ ਸਾਰੀਆਂ ਜਥੇਬੰਦੀਆਂ ਦੇ ਆਗੂਆਂ ਮੱਖਣ ਸਿੰਘ ਕੁਹਾੜ ਸੁਖਦੇਵ ਸਿੰਘ ਭਾਗੋਕਾਵਾਂ ਗੁਰਦੀਪ ਸਿੰਘ ਮੁਸਤਫਾਬਾਦ ਚੰਨਣ ਸਿੰਘ ਦੁਰਾਂਗਲਾ ਨਾਜਰ ਸਿੰਘ ਖਹਿਰਾ ਅਜੀਤ ਸਿੰਘ ਹੁੰਦਲ ਮੰਗਤ ਸਿੰਘ ਜੀਵਨ ਚੱਕ ਬਚਨ ਸਿੰਘ ਭੰਬੋਈ ਕਸ਼ਮੀਰ ਸਿੰਘ ਤੁਗਲਵਾਲ ਗੁਰਦਿਆਲ ਸਿੰਘ ਭਗਵਾਨਪੁਰ ਧਿਆਨ ਸਿੰਘ ਠਾਕੁਰ ਅਸ਼ਵਨੀ ਕੁਮਾਰ ਲਖਣ ਕਲਾਂ ਬਲਬੀਰ ਸਿੰਘ ਬੈਂਸ ਡਾਕਟਰ ਬਲਬੀਰ ਸਿੰਘ ਪੀਰਾਂ ਬਾਗ ਰਘਬੀਰ ਸਿੰਘ ਚਾਹਲ ਕਪੂਰ ਸਿੰਘ ਘੁੰਮਣ ਆਦਿ ਨੇ ਆਪਣਿਆਂ ਵਿਚਾਰ ਰੱਖੇ। ਮੀਟਿੰਗ ਵਿੱਚ ਜਗਜੀਤ ਸਿੰਘ ਡਲੇਵਾਲ ਜੋ ਮਰਨਵਰ ਤੇ ਬੈਠੇ ਹਨ ਦੀ ਸਿਹਤ ਬਾਰੇ ਚਿੰਤਾ ਦਾ ਪ੍ਰਗਟਾਵਾ ਕੀਤਾ ਅਤੇ ਕੇਂਦਰ ਸਰਕਾਰ ਦੀ ਇਸ ਗੱਲੇ ਨਿਖੇਧੀ ਕੀਤੀ ਕਿ ਉਸ ਨੂੰ ਡੱਲੇਵਾਲ ਦੀ ਸਿਹਤ ਦੀ ਕੋਈ ਚਿੰਤਾ ਨਹੀਂ ਹੈ ਅਗਰ ਉਸਦੀ ਜਾਨ ਬਚਾਉਣੀ ਹੈ ਤਾਂ ਇੱਕੋ ਗੱਲ ਹੈ ਕਿ ਘੱਟੋ ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਕੀਤੀ ਜਾਵੇ ।ਜਦ ਕਿ ਇਹ ਮੰਗ ਮੋਦੀ ਸਰਕਾਰ ਨੇ ਪਹਿਲਾਂ ਹੀ ਲਿਖਤੀ ਰੂਪ ਵਿਚ ਮੰਨੀ ਹੋਈ ਹੈ। ਆਗੂਆਂ ਨੇ ਨਵੇਂ ਮੰਡੀਕਰਨ ਕਾਨੂੰਨ ਦੀ ਤਜਵੀਜ ਦਾ ਜ਼ੋਰਦਾਰ ਵਿਰੋਧ ਕਰਨ ਦਾ ਫੈਸਲਾ ਕੀਤਾ ਅਤੇ ਕਿਹਾ ਕਿ ਇਸ ਦੇ ਲਾਗੂ ਹੋਣ ਨਾਲ ਪੰਜਾਬ ਦਾ ਸਮੁੱਚਾ ਮੰਡੀਕਰਨ ਢਾਂਚਾ ਤਬਾਹ ਹੋ ਜਾਵੇਗਾ ਤੇ ਕਿਸਾਨ ਵੀ ਬਰਬਾਦ ਹੋ ਜਾਣਗੇ। ਬੁਲਾਰਿਆਂ ਨੇ ਝੋਨੇ ਦੀ ਖਰੀਦ ਵਿੱਚ ਹੋਈ ਖੱਜਲ ਖੁਆਰੀ ਅਤੇ ਘੱਟ ਕੀਮਤ ਲਾ ਕੇ ਤੇ ਤੋਲ ਵਿੱਚ ਕਟੌਤੀ ਕਰਕੇ ਕੀਤੀ ਘਪਲੇਬਾਜ਼ੀ ਦਾ ਜ਼ਬਰਦਸਤ ਵਿਰੋਧ ਅੱਗੇ ਵਧਾਉਣ ਅਤੇ ਸਰਕਾਰ ਕੋਲੋਂ ਇਸਦੇ ਮੁਆਵਜੇ ਦੀ ਮੰਗ ਕੀਤੀ ਗਈ ।




ਬਿਜਲੀ ਬਿਲ 2020 ਤਹਿਤ ਚਿਪ ਵਾਲੇ ਮੀਟਰ ਲਾਉਣ ਦਾ ਵਿਰੋਧ ਕਰਦਿਆਂ ਇਸ ਲਈ ਪੰਜਾਬ ਪੱਧਰ ਤੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਕਿਸਾਨਾਂ ਦਾ ਜਾਂ ਕਿਸੇ ਵੀ ਜਥੇਬੰਦੀ ਦਾ ਮੰਗਾਂ ਲਈ ਸੰਘਰਸ਼ ਕਰਨਾ ਬੁਨਿਆਦੀ ਹੱਕ ਹੈ ਅਤੇ ਉਹਨਾਂ ਨੂੰ ਦਿੱਲੀ ਜਾਣ ਤੋਂ ਰੋਕਣਾ ਜਮਹੂਰੀਅਤ ਅਤੇ ਸੰਵਿਧਾਨ ਦਾ ਕਤਲ ਹੈ। ਇਹ ਸਹਿਣ ਨਹੀਂ ਕੀਤਾ ਜਾ ਸਕਦਾ ਤੇ ਇਸ ਦਾ ਖਮਿਆਜਾ ਕੇਂਦਰ ਦੀ ਮੋਦੀ ਸਰਕਾਰ ਨੂੰ ਭੁਗਤਣਾ ਪਵੇਗਾ। ਮੀਟਿੰਗ ਦੇ ਫੈਸਲੇ ਮੁਤਾਬਿਕ 23 ਦਸੰਬਰ ਸੋਮਵਾਰ ਨੂੰ 11 ਵਜੇ ਗੁਰੂ ਨਾਨਕ ਪਾਰਕ ਵਿਖੇ ਇਕੱਤਰ ਹੋ ਕੇ ਜਲੂਸ ਦੀ ਸ਼ਕਲ ਵਿੱਚ ਡੀਸੀ ਦਫਤਰ ਅੱਗੇ 3 ਵਜੇ ਤੱਕ ਧਰਨਾ ਲਾ ਕੇ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਭੇਜਿਆ ਜਾਵੇਗਾ ।ਆਗੂਆਂ ਨੇ ਕਿਸਾਨਾਂ ਮਜ਼ਦੂਰਾਂ ਨੂੰ ਵੱਡੀ ਗਿਣਤੀ ਵਿੱਚ ਪੁੱਜਣ ਦੀ ਅਪੀਲ ਕੀਤੀ। ਇਸ ਧਰਨੇ ਵਿੱਚ ਮਜ਼ਦੂਰ ਜਥੇਬੰਦੀਆਂ ਅਤੇ ਔਰਤਾਂ ਵੀ ਵੱਡੀ ਗਿਣਤੀ ਵਿੱਚ ਪੁੱਜਣਗੀਆਂ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ ਥਾਣੇਵਾਲ ਬਲਬੀਰ ਸਿੰਘ ਉਚਾਧਕਾਲਾ ਬਲਪ੍ਰੀਤ ਸਿੰਘ ਪ੍ਰਿੰਸ ਘਰਾਲਾ ਗੁਰਦੀਪ ਸਿੰਘ ਬਹਿਰਾਮਪੁਰ ਗੁਰਮੀਤ ਸਿੰਘ ਜੀਵਨ ਚੱਕ ਕੁਲਦੀਪ ਸਿੰਘ ਗੁਰਦੀਪ ਸਿੰਘ ਕਮਾਲਪੁਰ ਸੁਭਾਸ਼ ਸਿੰਘ ਚੌਂਤਾ ਮਦਨ ਲਾਲ ਆਦਿ ਕਿਸਾਨ ਆਗੂ ਵੀ ਹਾਜ਼ਰ ਸਨ।

# ਇਤਰਾਜਯੋਗ ਟਿੱਪਣੀ ਲਈ ਮਾਫੀ ਮੰਗਣ ਗ੍ਰਹਿ ਮੰਤਰੀ ਅਮਿਤ ਸ਼ਾਹ - ਕਸ਼ਮੀਰ ਖਲਵਾੜਾ



**ਫਗਵਾੜਾ ( ਸੁਸ਼ੀਲ ਸ਼ਰਮਾ )** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਸ਼ਮੀਰ ਸਿੰਘ ਖਲਵਾੜਾ ਨੇ ਸੰਸਦ ਵਿਚ ਬਾਬਾ ਸਾਹਿਬ ਡਾ. ਅੰਬੇਡਕਰ ਦੇ ਸਬੰਧ ਵਿਚ ਇਤਰਾਜਯੋਗ ਟਿੱਪਣੀ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਮਾਫੀ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਸਮੁੱਚੇ ਐਸ.ਸੀ. ਸਮਾਜ ਲਈ ਮਸੀਹਾ ਹਨ। ਉਹਨਾਂ ਬਾਰੇ ਗਲਤ ਬਿਆਨੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਆਪ ਆਗੂ ਨੇ ਕਿਹਾ ਕਿ ਅਮਿਤ ਸ਼ਾਹ ਨੂੰ ਤੁਰੰਤ ਦੇਸ਼-ਵਿਦੇਸ਼ ਦੇ ਕਰੋੜਾਂ ਅੰਬੇਡਕਰ ਵਾਦੀਆਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ ਨਹੀਂ ਤਾਂ ਤਿੱਖਾ ਵਿਰੋਧ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਅਮਿਤ ਸ਼ਾਹ ਦੇ ਬਿਆਨ ਤੋਂ ਸਾਫ ਹੈ ਕਿ ਭਾਜਪਾ ਮੰਨੂਵਾਦੀ ਪਾਰਟੀ ਹੈ ਅਤੇ ਇਹ ਬਾਬਾ ਸਾਹਿਬ ਡਾ. ਅੰਬੇਡਕਰ ਤੇ ਐਸ.ਸੀ. ਸਮਾਜ ਪ੍ਰਤੀ ਮਾੜੀ ਸੋਚ ਰੱਖਦੇ ਹਨ। ਇਸ ਦੌਰਾਨ ਉਹਨਾਂ ਨੇ ਸਮੂਹ ਐਸ.ਸੀ. ਭਾਈਚਾਰੇ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਭਾਜਪਾ ਦੇ ਉਮੀਦਵਾਰਾਂ ਦਾ ਹਰ ਚੋਣ ਵਿਚ ਬਾਇਕਾਟ ਕੀਤਾ ਜਾਵੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕਾਨਪੁਰ ਚ ਵੀ ਸੰਭਲ ਦਾ ਅਸਰ, ਮੁਸਲਿਮ ਇਲਾਕਿਆਂ ਚ ਸਾਲਾਂ ਤੋਂ ਬੰਦ ਮੰਦਰਾਂ ਨੂੰ ਖੋਲ੍ਹਣਾ ਜਾਰੀ, ਮੇਅਰ ਪਹੁੰਚੇ

**ਕਾਨਪੁਰ (ਸੁਨੀਲ ਬਾਜਪਾਈ)** ਸੰਭਲ ਮੰਦਿਰ ਮੁੱਦੇ ਦਾ ਬਹੁਤ ਪ੍ਰਭਾਵ ਹੈ

ਕਾਨਪੁਰ ਚ ਵੀ ਸੰਵੇਦਨਹੀਣ ਪਿਆ ਹੈ। ਇੱਥੋਂ ਦੇ ਹਿੰਦੂ ਸੰਗਠਨ ਹੁਣ ਮੁਸਲਿਮ ਬਹੁਲਤਾ ਵਾਲੇ ਇਲਾਕਿਆਂ ਚ ਸਾਲਾਂ ਤੋਂ ਬੰਦ ਪਏ ਮੰਦਰਾਂ ਨੂੰ ਖੋਲ੍ਹ ਕੇ ਉਨ੍ਹਾਂ ਦੀ ਸਫਾਈ ਕਰਵਾ ਕੇ ਪੂਜਾ ਦੀ ਤਿਆਰੀ ਚ ਲੱਗੇ ਹੋਏ ਹਨ। ਹੁਣ ਤੱਕ ਤਿੰਨ-ਚਾਰ ਮੰਦਰ ਖੋਲ੍ਹੇ ਜਾ ਚੁੱਕੇ ਹਨ ਜਦਕਿ ਬਾਕੀ ਮੰਦਰਾਂ ਬਾਰੇ ਵੀ ਕਾਰਵਾਈ ਚੱਲ ਰਹੀ ਹੈ।

ਇਹ ਕਾਰਵਾਈ ਵੀ ਭਾਰੀ ਪੁਲਿਸ ਮੌਜੂਦਗੀ ਨਾਲ ਕੀਤੀ ਜਾ ਰਹੀ ਹੈ। ਇਸ ਦੇ ਲਈ ਮੇਅਰ ਪ੍ਰਮਿਲਾ ਪਾਂਡੇ ਨੇ ਸਾਲਾਂ ਤੋਂ ਬੰਦ ਪਏ ਮੰਦਰਾਂ ਦਾ ਨਿਰੀਖਣ ਵੀ ਕੀਤਾ ਹੈ ਅਤੇ ਉਥੋਂ ਕਬਜ਼ੇ ਹਟਾਉਣ ਦੇ ਨਿਰਦੇਸ਼ ਦਿੱਤੇ ਹਨ।



ਮੇਅਰ ਪ੍ਰਮਿਲਾ ਪਾਂਡੇ ਅੱਜ ਸ਼ਨਿੱਚਰਵਾਰ ਨੂੰ ਅਚਾਨਕ 7 ਥਾਣਿਆਂ ਦੀ ਫੋਰਸ ਨਾਲ ਬੇਕਨਗੰਜ ਪਹੁੰਚ ਗਈ। ਜਿੱਥੇ ਉਨ੍ਹਾਂ ਨੇ ਇਕ-ਇਕ ਕਰਕੇ 5 ਮੰਦਰਾਂ ਦਾ ਨਿਰੀਖਣ ਕੀਤਾ। ਜਾਣਕਾਰੀ ਅਨੁਸਾਰ ਸੀ

ਪਹਿਲਾਂ ਇਨ੍ਹਾਂ ਵਿੱਚੋਂ ਇੱਕ ਮੰਦਰ ਦੇ ਪਿੱਛੇ ਬਿਰਯਾਨੀ ਬਣਾਈ ਜਾਂਦੀ ਸੀ। ਇੱਥੇ ਖੁੱਲ੍ਹੇ ਮੰਦਰ ਵਿੱਚ ਵੱਡੀ ਮਾਤਰਾ ਵਿੱਚ ਕੂੜਾ ਵੇਖ ਕੇ ਗੁੱਸੇ ਵਿੱਚ ਆਈ ਮੇਅਰ ਪ੍ਰਮਿਲਾ ਪਾਂਡੇ ਨੇ ਵੀ ਤੁਰੰਤ ਕਬਜ਼ੇ ਹਟਾਉਣ ਦੇ ਨਿਰਦੇਸ਼ ਦਿੱਤੇ।

ਮੇਅਰ ਪ੍ਰਮਿਲਾ ਕਰੀਬ 30 ਮਿੰਟ ਤੱਕ ਮੁਸਲਿਮ ਬਹੁਲ ਖੇਤਰ ਵਿੱਚ ਰਹੀ। ਉਨ੍ਹਾਂ ਦੇ ਨਾਲ ਇੱਕ ਏਡੀਸੀਪੀ ਅਤੇ 3 ਏਸੀਪੀ ਵੀ ਮੌਜੂਦ ਸਨ। ਉਹ ਸਭ ਤੋਂ ਪਹਿਲਾਂ ਕਾਨਪੁਰ ਹਿੰਸਾ ਦੇ ਦੋਸ਼ੀ ਮੁਖਤਾਰ ਬਾਬਾ ਦੇ ਕਬਜ਼ੇ ਵਾਲੇ ਰਾਮ ਜਾਨਕੀ ਮੰਦਰ ਪਹੁੰਚੀ। ਹਿੰਸਾ ਦਾ ਦੋਸ਼ੀ ਮੁਖਤਾਰ ਬਾਬਾ ਇਸ ਮੰਦਰ ਦੇ ਪਿਛਲੇ ਹਿੱਸੇ ਚ ਬਿਰਯਾਨੀ ਤਿਆਰ ਕਰਦਾ ਸੀ।

ਇਸ ਤੋਂ ਬਾਅਦ ਮੇਅਰ ਰਾਧਾ-ਕ੍ਰਿਸ਼ਨ ਮੰਦਰ ਪਹੁੰਚੇ ਜੋ 20 ਮੀਟਰ ਦੂਰ ਡਿੱਗਿਆ ਸੀ। ਇਸ ਦੇ ਕਬਜ਼ੇ ਵਿਚ ਕੋਈ ਨਹੀਂ ਮਿਲਿਆ। ਉਸ ਤੇ ਸ਼ਟਰ ਸੀ। ਮੇਅਰ ਨੇ ਇਸ ਦਾ ਤਾਲਾ ਤੋੜਨ ਦੀ ਕੋਸ਼ਿਸ਼ ਕੀਤੀ। ਇਹ ਕੂੜੇ ਨਾਲ ਭਰਿਆ ਹੋਇਆ ਸੀ, ਮੇਅਰ ਨੇ ਇਸ ਨੂੰ ਖਾਲੀ ਕਰਨ ਦੇ ਦਿੱਤੇ ਨਿਰਦੇਸ਼। ਮੇਅਰ ਨੇ ਮੰਦਰ ਦੇ ਨਾਲ ਲੱਗਦੇ ਲੋਕਾਂ ਨੂੰ ਖਾਲੀ ਕਰਨ ਦੀ ਚਿਤਾਵਨੀ ਦਿੱਤੀ ਹੈ। ਦੱਸਿਆ ਜਾਂਦਾ ਹੈ ਕਿ ਮੁਸਲਿਮ ਬਹੁਲ ਇਲਾਕਿਆਂ ਚ ਹੋਰ ਵੀ ਕਈ ਮੰਦਰ ਸਾਲਾਂ ਤੋਂ ਬੰਦ ਪਏ ਹਨ ਅਤੇ ਉਨ੍ਹਾਂ ਦਾ ਪਤਾ ਲੱਗਣ ਤੇ ਪੂਜਾ ਸ਼ੁਰੂ ਕਰ ਦਿੱਤੀ ਜਾਵੇਗੀ।

ਰੋਜ਼ਾਨਾ ਲੋਕ ਬਾਣੀ
www.lokbani

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦਾ ਸਾਲਾਨਾ ਫੰਕਸ਼ਨ ਧੂਮਧਾਮ ਨਾਲ ਸੰਪੰਨ



**ਚੰਡੀਗੜ੍ਹ। (ਲੋਕ ਬਾਣੀ)** ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦਾ ਸਾਲਾਨਾ ਉਤਸਵ ਬੜੀ ਧੂਮਧਾਮ ਨਾਲ ਸੰਪੰਨ ਹੋ ਗਿਆ। ਪ੍ਰੋਗਰਾਮ ਦਾ ਉਦਘਾਟਨ ਅਮਰੀਕਾ ਦੇ ਸ਼ਿਕਾਗੋ ਤੋਂ ਆਏ ਐਨਆਰਆਈ ਸੁਦਰਸ਼ਨ ਗਰਗ, ਅਨੀਤਾ ਗਰਗ ਅਤੇ ਬਬੀਤਾ ਕਾਲੀਆ ਵੱਲੋਂ ਦੀਪ ਜਗਾ ਕੇ ਕੀਤਾ ਗਿਆ। ਰਵਿੰਦਰ ਤਲਵਾਰ, ਸਕੱਤਰ, ਡੀ.ਏ.ਵੀ. ਕਾਲਜ ਪ੍ਰਬੰਧਕੀ ਕਮੇਟੀ, ਨਵੀਂ ਦਿੱਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਅਨਿਲ ਦੂਬੇ ਨੇ ਕੀਤੀ। ਬੇਨੂ ਰਾਓ ਅਤੇ ਅਮਿਤ ਗਰਗ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ। ਐਨਏ ਕਲਚਰਲ ਸੁਸਾਇਟੀ ਤੋਂ ਨਿਖਰ ਆਨੰਦ ਮਿੱਡਾ, ਸ਼ੈਲੀ ਤਨੇਜਾ ਅਤੇ ਪਾਇਲ ਅਤੇ ਇਨਰ ਵ੍ਹੀਲ ਚੰਡੀਗੜ੍ਹ ਸਿਟੀ ਬਿਊਟੀਫੁੱਲ ਤੋਂ ਅਨੀਤਾ ਮਿੱਡਾ, ਸਰਵਣੀ ਦੱਤਾ, ਊਸ਼ਾ ਸ਼ਰਮਾ ਅਤੇ ਨਿਸ਼ਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਬੱਚਿਆਂ ਨੇ ਸੋਸ਼ਲ ਮੀਡੀਆ ਤੇ ਨਾਟਕ ਦੀ ਪੇਸ਼ਕਾਰੀ ਕਰਦਿਆਂ ਕਿਹਾ ਕਿ ਸੋਸ਼ਲ ਮੀਡੀਆ ਦੇ ਨਾਲ–ਨਾਲ ਸਾਨੂੰ ਆਪਣੀ ਪੜ੍ਹਾਈ ਅਤੇ ਸਿਹਤ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ । ਮਣੀਕਰਨਿਕਾ ਡਾਂਸ ਬਹੁਤ ਹੀ ਸ਼ਾਨਦਾਰ ਸੀ। ਵਿਦਿਆਰਥੀਆਂ ਨੇ ਬਾਲ ਮਜ਼ਦੂਰੀ ਤੇ ਨਾਟਕ ਪੇਸ਼ ਕਰਦਿਆਂ ਸੁਨੇਹਾ ਦਿੱਤਾ ਕਿ ਬਚਪਨ ਪੜ੍ਹਾਈ ਲਈ ਹੁੰਦਾ ਹੈ ਨਾ ਕਿ ਰੋਜ਼ੀ–ਰੋਟੀ ਕਮਾਉਣ ਲਈ। ਬੱਚਿਆਂ ਨੇ ਕੱਵਾਲੀ ਰਾਹੀਂ ਸਾਲਾਨਾ ਸਮਾਗਮ ਨੂੰ ਮਨਮੋਹਕ ਬਣਾ ਦਿੱਤਾ। ਬਮ–ਬਮ ਭੋਲੇ ਡਾਂਸ ਨੇ ਸਾਰਿਆਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਵਿਦਿਆਰਥੀਆਂ ਨੇ ਮਾਪਿਆਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮਾਪਿਆਂ ਦੀ ਭੂਮਿਕਾ ਨੂੰ ਸ਼ਲਾਘਾਯੋਗ ਢੰਗ ਨਾਲ ਪੇਸ਼ ਕੀਤਾ। ਕਸ਼ਮੀਰੀ ਡਾਂਸ ਭਾਰਤ ਦੀ ਵਿਭਿੰਨਤਾ ਨੂੰ ਦਰਸਾਉਂਦਾ ਹੈ। ਆਨੰਦੀਬਾਈ ਜੋਸ਼ੀ ਨਾਟਕ ਰਾਹੀਂ ਲੜਕੀਆਂ ਦੀ ਸਿੱਖਿਆ 'ਤੇ ਜ਼ੋਰ ਦਿੱਤਾ ਗਿਆ। ਮੁੱਖ ਮਹਿਮਾਨ ਰਵਿੰਦਰ ਤਲਵਾੜ ਨੇ ਵਿਦਿਆਰਥੀਆਂ ਦੀ ਪੇਸ਼ਕਾਰੀ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਦਰਸਾਉਂਦਾ ਹੈ ਕਿ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵੱਲ ਪੂਰਾ ਧਿਆਨ ਦੇ ਰਿਹਾ ਹੈ। ਸਕੂਲ ਪਿ੍ੰਸੀਪਲ ਡਾ: ਵਿਨੋਦ ਸ਼ਰਮਾ ਨੇ ਸਾਲਾਨਾ ਰਿਪੋਰਟ ਪੜ੍ਹਦਿਆਂ ਕਿਹਾ ਕਿ ਇਹ ਸਕੂਲ ਪੇਂਡੂ ਖੇਤਰ ਵਿਚ ਮਿਆਰੀ ਸਿੱਖਿਆ ਪ੍ਰਦਾਨ ਕਰ ਰਿਹਾ ਹੈ । ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੌਰਾਨ ਪੈਟਰਨ ਐਨਆਰਆਈਜ਼ ਸੁਦਰਸ਼ਨ ਗਰਗ ਅਤੇ ਅਨਿਲ ਦੂਬੇ ਨੇ ਵੀ ਸੰਬੋਧਨ ਕੀਤਾ। ਪ੍ਰੋਗਰਾਮ ਦੀ ਸਮਾਪਤੀ ਭੰਗੜੇ ਨਾਲ ਹੋਈ।

ਰੋਜ਼ਾਨਾ ਲੋਕ ਬਾਣੀ
www.lokbani

# ਨਗਰ ਪੰਚਾਇਤ ਘੜੂੰਆਂ ਦੀ ਪਲੇਠੀ ਚੋਣ ਵਿੱਚ 11 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ 10 ਅਤੇ 1 ਆਜ਼ਾਦ ਉਮੀਦਵਾਰ ਜੇਤੂ

**ਖਰੜ, (ਕਾਲਾਂ ਸੰਘ ਸੈਣੀ )-** ਨਗਰ ਪੰਚਾਇਤ ਘੜੂੰਆਂ ਦੀ ਹੋਈ ਚੋਣ ਦੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵੱਲੋਂ ਜਿੱਤ ਪ੍ਰਾਪਤ ਕਰਦੇ ਹੋਏ 11 ਸੀਟਾਂ ਦੇ ਵਿੱਚੋਂ 10 ਸੀਟਾਂ ਪ੍ਰਾਪਤ ਕਰਕੇ ਜਿੱਤ ਹਾਸਿਲ ਕੀਤੀ ਹੈ। ਦੱਸਣ ਯੋਗ ਹੈ ਕਿ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਵੱਲੋਂ ਆਪਣੇ ਕਾਰਜਕਾਲ ਦੌਰਾਨ ਪਿੰਡ ਘੜੂੰਆਂ ਨੂੰ ਨਗਰ ਪੰਚਾਇਤ ਦਾ ਦਰਜਾ ਦਿੱਤਾ ਗਿਆ ਸੀ ਜਿਸ ਦੇ ਚਲਦਿਆਂ ਇਹ ਨਗਰ ਪੰਚਾਇਤ ਘੜੂੰਆਂ ਦੀ ਪਹਿਲੀ ਚੋਣ ਸੀ ਜਿਸ ਨੂੰ ਲੈ ਕੇ ਜਿੱਥੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਚੰਨੀ ਵੱਲੋਂ ਦਿਨ ਰਾਤ ਆਪਣੇ ਉਮੀਦਵਾਰਾਂ ਨੂੰ ਲੈ ਕੇ ਮਿਹਨਤ ਕੀਤੀ ਗਈ ਉੱਥੇ ਹੀ ਸਾਬਕਾ ਮੁੱਖ ਮੰਤਰੀ ਚੰਨੀ ਵੱਲੋਂ ਸਿਰਫ ਇੱਕ ਦੋ ਮੀਟਿੰਗਾਂ ਵਿੱਚ ਹੀ ਮੀਟਿੰਗਾਂ ਦਾ ਜਾਬਤਾ ਪੂਰਾ ਕੀਤਾ ਗਿਆ ਜਿਸ ਦਾ ਨਤੀਜਾ ਇਹ ਨਿਕਲਿਆ ਕਿ ਕਾਂਗਰਸ ਪਾਰਟੀ ਨੂੰ ਇੱਕ ਵੀ ਸੀਟ ਨਹੀਂ ਮਿਲੀ ਅਤੇ ਕਾਂਗਰਸ ਪਾਰਟੀ ਦਾ ਸੂਪੜਾ ਸਾਫ ਹੋ ਗਿਆ।




ਇਸ ਮੌਕੇ ਜਾਣਕਾਰੀ ਦਿੰਦਿਆਂ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਦੇ ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆਂ ਨੇ ਦੱਸਿਆ ਕਿ ਨਗਰ ਪੰਚਾਇਤ ਘੜੂੰਆਂ ਦੀ ਚੋਣ ਦੇ ਵਿੱਚ ਵਾਰਡ ਨੰਬਰ 1 ਤੋਂ ਆਪ ਦੇ ਉਮੀਦਵਾਰ ਮਨਮੀਤ ਕੌਰ, ਵਾਰਡ ਨੰਬਰ 2 ਤੋਂ ਅੰਮ੍ਰਿਤਪਾਲ ਸਿੰਘ, 3 ਤੋਂ ਜਸਵਿੰਦਰ ਕੌਰ, 4 ਤੋਂ ਹਰਪ੍ਰੀਤ ਸਿੰਘ ਭੰਡਾਰੀ, 5 ਤੋਂ ਰੀਆ, 6 ਨੰਬਰ ਤੋਂ ਮਨਪ੍ਰੀਤ ਸਿੰਘ, 7 ਨੰਬਰ ਤੋਂ ਜਸਵਿੰਦਰ ਕੌਰ, 8 ਨੰਬਰ ਤੋਂ ਨਰਿੰਦਰ ਸਿੰਘ, 9 ਨੰਬਰ ਤੋਂ ਸੁਖਜੀਤ ਕੌਰ ਅਤੇ 11 ਨੰਬਰ ਵਾਰਡ ਤੋਂ ਇੰਦਰਜੀਤ ਸਿੰਘ ਜੇਤੂ ਰਹੇ। ਇਸੇ ਤਰ੍ਹਾਂ ਸਖਤ ਮੁਕਾਬਲੇ ਦੇ ਵਿੱਚ ਵਾਰਡ ਨੰਬਰ 10 ਤੋਂ ਆਜ਼ਾਦ ਉਮੀਦਵਾਰ ਗਗਨਪ੍ਰੀਤ ਸਿੰਘ ਜੇਤੂ ਰਹੇ।

ਰੋਜ਼ਾਨਾ ਲੋਕ ਬਾਣੀ
www.lokbani

# ਨਗਰ ਨਿਗਮ ਤੇ ਨਗਰ ਪੰਚਾਇਤ ਚੋਣਾਂ - ਕੁੱਲ 56.20 ਫੀਸਦੀ ਹੋਈ ਵੋਟਿੰਗ

**ਕਪੂਰਥਲਾ / ਫਗਵਾੜਾ-:(ਸੁਸ਼ੀਲ ਸ਼ਰਮਾ )** ਨਗਰ ਨਿਗਮ ਫਗਵਾੜਾ ਤੇ ਨਗਰ ਪੰਚਾਇਤ ਭੁਲੱਥ , ਬੇਗੋਵਾਲ , ਨਡਾਲਾ ਤੇ ਢਿਲਵਾਂ ਲਈ ਕੁੱਲ 56.20 ਫੀਸਦੀ ਵੋਟਿੰਗ ਹੋਈ ਹੈ ।



ਨਗਰ ਨਿਗਮ ਫਗਵਾੜਾ ਦੇ ਜੇਤੂ ਉਮੀਦਵਾਰਾਂ ਦਾ ਵੇਰਵਾ:-

| ਕਾਂਗਰਸ | ਆਪ | ਬੀ.ਜੇ.ਪੀ | ਸ਼੍ਰੋਮਣੀ ਅਕਾਲੀ ਦਲ | ਆਜ਼ਾਦ | ਬੀ.ਐਸ.ਪੀ. | ਕੁੱਲ ਉਮੀਦਵਾਰ |
|---|---|---|---|---|---|---|
| 20 | 13 | 04 | 04 | 06 | 03 | 50 |

ਫਗਵਾੜਾ ਨਗਰ ਨਿਗਮ ਲਈ 101374 ਵੋਟਾਂ ਵਿਚੋਂ 55964 ਵੋਟਾਂ ਪਈਆਂ ਜੋ ਕਿ ਕੁੱਲ 55.21 ਫੀਸਦੀ ਸਨ ।

ਇਸੇ ਤਰ੍ਹਾਂ ਢਿਲਵਾਂ ਵਿਖੇ ਕੁੱਲ 4863 ਵਿੱਚੋਂ 2918 ਵੋਟਾਂ ( 60 ਫੀਸਦੀ ) ਪਈਆਂ ਜਦਕਿ ਭੁਲੱਥ ਨਗਰ ਪੰਚਾਇਤ ਲਈ ਕੁੱਲ 6139 ਵੋਟਾਂ ਵਿੱਚੋਂ 3885 ਵੋਟਾਂ ( 63.28 ਫੀਸਦੀ ) ਪਈਆਂ ।

ਬੇਗੋਵਾਲ ਨਗਰ ਪੰਚਾਇਤ ਲਈ ਕੁੱਲ 8349 ਵੋਟਾਂ ਵਿੱਚੋਂ 4976 ਵੋਟਾਂ ( 59.60 ਫੀਸਦੀ ) ਵੋਟਾਂ ਪਈਆਂ ਜਦਕਿ ਨਡਾਲਾ ਨਗਰ ਪੰਚਾਇਤ ਲਈ ਕੁੱਲ 5766 ਵੋਟਾਂ ਵਿੱਚੋਂ 3720 ਵੋਟਾਂ ( 64.52 ਫੀਸਦੀ ) ਪਈਆਂ ।

ਰੋਜ਼ਾਨਾ ਲੋਕ ਬਾਣੀ
www.lokbani

# ਹਾਸਾ ਤੇ ਮਜ਼ਾ ਦੋਵੇਂ ਹੋਣਗੇ ਡਬਲ ਇਸ ਐਤਵਾਰ ! ਰੈਡੀ ਹੋ ਜਾਓ ਹੱਸ ਹੱਸ ਕੇ ਲੋਟ ਪੋਟ ਹੋਣ ਲਈ ਵੇਖੋ ਸੌਂਕਣ ਸੌਂਕਣੇ, 22 ਦਸੰਬਰ ਨੂੰ ਦੁਪਹਿਰ 1 ਵਜੇ, ਸਿਰਫ਼ ਜ਼ੀ ਪੰਜਾਬੀ ਤੇ !

(ਲੋਕ ਬਾਣੀ) ਇਸ ਐਤਵਾਰ, ਹੱਸਣ ਲਈ ਤਿਆਰ ਰਹੋ ਕਿਉਂਕਿ ਜ਼ੀ ਪੰਜਾਬੀ ਤੁਹਾਡੇ ਲਈ ਬਲਾਕਬਸਟਰ ਕਾਮੇਡੀ ਸੌਂਕਣ ਸੌਂਕਣੇ ਲੈ ਕੇ ਆ ਰਿਹਾ ਹੈ, 22 ਦਸੰਬਰ ਨੂੰ ਦੁਪਹਿਰ 1 ਵਜੇ।

ਸੌਂਕਣ ਸੌਂਕਣ ਪੰਜਾਬੀ ਸੱਭਿਆਚਾਰ ਦੀ ਪਿੱਠਭੂਮੀ ਵਿੱਚ ਪਿਆਰ, ਈਰਖਾ ਅਤੇ ਹਫੜਾ-ਦਫੜੀ ਦੀ ਇੱਕ ਹਾਸੋਹੀਣੀ ਕਹਾਣੀ ਹੈ। ਐਮੀ ਵਿਰਕ, ਸਰਗੁਣ ਮਹਿਤਾ ਅਤੇ ਨਿਮਰਤ ਖਹਿਰਾ ਦੁਆਰਾ ਨਿਭਾਏ ਗਏ ਕਿਰਦਾਰ ਤੁਹਾਡੇ ਦਿਨ ਨੂੰ ਹੋਰ ਵੀ ਖਾਸ ਬਣਾ ਦੇਣਗੇ। ਇਹ ਫਿਲਮ ਦਰਸ਼ਕਾਂ ਨੂੰ ਭਾਵਨਾਵਾਂ ਅਤੇ ਰਿਬ-ਟਿੱਕਿੰਗ ਪਲਾਂ ਦੇ ਰੋਲਰਕੋਸਟਰ ਤੇ ਲੈ ਜਾਂਦੀ ਹੈ।

ਇਹ ਫਿਲਮ ਪੰਜਾਬੀ ਸਿਨੇਮਾ ਦੇ ਕੁਝ ਉੱਤਮ ਕਲਾਕਾਰਾਂ ਦੀ ਇੱਕ ਸੰਗ੍ਰਹਿ ਦਾ ਮਾਣ ਕਰਦੀ ਹੈ, ਸ਼ਾਨਦਾਰ ਪ੍ਰਦਰਸ਼ਨ ਪੇਸ਼ ਕਰਦੀ ਹੈ ਜੋ ਬੇਅੰਤ ਮਨੋਰੰਜਨ ਦਾ ਵਾਅਦਾ ਕਰਦੀ ਹੈ। ਹਾਸੇ, ਪਿਆਰ, ਅਤੇ ਜੀਵਨ ਦੀਆਂ ਚਾਲਾਂ ਨਾਲ ਭਰੀ ਇਸ ਪ੍ਰਸੰਨ ਰਾਈਡ ਨੂੰ ਨਾ ਭੁੱਲੋ ਦੇਖੋ ਸੌਂਕਣ ਸੌਂਕਣੇ 22 ਦਸੰਬਰ ਨੂੰ ਦੁਪਹਿਰ 1 ਵਜੇ,




ਸਿਰਫ਼ ਜ਼ੀ ਪੰਜਾਬੀ ਤੇ।

# ਭਗਤੀ ਡਰ ਨਾਲ ਨਹੀ ਪ੍ਰੇਮ ਨਾਲ ਹੁੰਦੀ ਹੈ-ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ

ਚੰਡੀਗੜ੍ਹ / ਫਾਜ਼ਿਲਕਾ 21 ਦਸੰਬਰ ( ) - ਅੱਜ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਸਤਿਕਾਰਯੋਗ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਰਹਿਨੁਮਾਈ ਹੇਠ ਦਾਣਾ ਮੰਡੀ ਫਾਜ਼ਿਲਕਾ ਵਿਖੇ ਵਿਸ਼ਾਲ ਨਿਰੰਕਾਰੀ ਸੰਤ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੰਜਾਬ ਅਤੇ ਰਾਜਸਥਾਨ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਆਨੰਦ ਪ੍ਰਾਪਤ ਕੀਤਾ।

ਇਸ ਸਮਾਗਮ ਦੌਰਾਨ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਪ੍ਰਵਚਨਾਂ ਵਿੱਚ ਫਰਮਾਉਂਦੇ ਹੋਏ ਕਿਹਾ ਕਿ ਪ੍ਰਮਾਤਮਾ ਕਣ ਕਣ ਵਿੱਚ ਹੈ, ਇਹ ਪ੍ਰਮਾਤਮਾ ਰੂਪੀ ਸਚਾਈ ਕੱਲ੍ਹ ਵੀ ਸੀ, ਅੱਜ ਵੀ ਹੈ ਅਤੇ ਦੁਨੀਆਂ ਖਤਮ ਹੋਣ ਤੋਂ ਬਾਅਦ ਵੀ ਅਟੱਲ ਰਹੇਗੀ। ਇਸ ਲਈ ਸਾਨੂੰ ਆਪਣੇ ਮਨ ਦਾ ਨਾਤਾ ਪ੍ਰਮਾਤਮਾ ਨਾਲ ਜੋੜ ਕੇ ਰੱਖਣਾ ਹੈ।ਸਤਿਗੁਰੂ ਮਾਤਾ ਜੀ ਨੇ ਸਮਝਾਇਆ ਕਿ ਦੁੱਖ ਅਤੇ ਸੁੱਖ ਇਨਸਾਨ ਦੀ ਜ਼ਿੰਦਗੀ ਵਿੱਚ ਨਿਰੰਤਰ ਚਲਦੇ ਰਹਿੰਦੇ ਹਨ ਅਗਰ ਸਾਡੇ ਮਨ ਦਾ ਰਿਸ਼ਤਾ ਪ੍ਰਮਾਤਮਾ ਨਾਲ ਜੁੜਿਆ ਹੈ ਤਾਂ ਦੁੱਖ ਵੀ ਦੁੱਖ ਨਹੀ ਦਿੰਦਾਂ ਅਤੇ ਸੁੱਖ ਵਿੱਚ ਵੀ ਇਨਸਾਨ ਸਹਿਜ ਅਵਸਥਾ ਬਣਾਈ ਰੱਖਦਾ ਹੈ । ਪ੍ਰਮਾਤਮਾ ਵੱਲੋਂ ਬਣਾਏ ਹਰ ਇਨਸਾਨ ਦਾ ਸੁਭਾਅ ਅਤੇ ਆਦਤਾਂ ਵੱਖੋ-ਵੱਖਰੀਆਂ ਹਨ। ਅਗਰ ਕਿਸੇ ਇਨਸਾਨ ਦੀ ਕੋਈ ਆਦਤ ਚੰਗੀ ਨਹੀਂ ਲੱਗਦੀ ਤਾਂ ਉਸ ਨਾਲ ਵੱਖਰੇਵੇਂ ਦੀਆਂ ਦੀਵਾਰਾਂ ਵੀ ਇਨਸਾਨ ਖੜ੍ਹੀਆਂ ਕਰ ਲੈਂਦਾ ਹੈ ਇਹ ਨਹੀਂ ਸੋਚਦਾ ਕਿ ਪ੍ਰਮਾਤਮਾ ਨੇ ਸਭ ਨੂੰ ਵੱਖੋ-ਵੱਖ ਖੂਬੀਆਂ ਦਿੱਤੀਆਂ ਹਨ। ਹਰ ਇੱਕ ਵਿੱਚ ਸਾਰੀਆਂ ਖੂਬੀਆਂ ਨਹੀਂ ਹੋ ਸਕਦੀਆਂ ਅਤੇ ਸਾਰਿਆਂ ਵਿੱਚ ਨੁਕਸ ਵੀ ਨਹੀ ਹੋ ਸਕਦੇ।

ਜ਼ਿੰਦਗੀ ਵਿੱਚ ਹਰ ਇਨਸਾਨ ਜਾਣੇ-ਅਣਜਾਣੇ ਵਿੱਚ ਹੋਈਆਂ ਗਲਤੀਆਂ ਨੂੰ ਸਵੀਕਾਰ ਕਰਦੇ ਹੋਏ ਅਤੇ ਉਨ੍ਹਾਂ ਗਲਤੀਆਂ ਤੋਂ ਸਿੱਖਿਆ ਲੈਂਦੇ ਹੋਏ ਨਿਰੰਤਰ ਅੱਗੇ ਵੱਧਦਾ ਚਲਾ ਜਾਏ। ਆਖਿਰ ਵਿੱਚ ਆਸ਼ੀਰਵਾਦ ਦਿੰਦੇ ਹੋਏ ਸਤਿਗੁਰੂ ਮਾਤਾ ਜੀ ਨੇ ਫਰਮਾਇਆ ਕਿ ਪ੍ਰਭੂ ਪਿਆਰ ਸਭ ਦੇ ਹਿੱਸੇ ਆਵੇ ਅਤੇ ਪ੍ਰਮਾਤਮਾ ਨੂੰ ਦਿਲ ਵਿੱਚ ਵਸਾ ਕੇ ਹਰ ਇਨਸਾਨ ਪ੍ਰਭੂ ਨਾਲ ਰਿਸ਼ਤਾ ਮਜ਼ਬੂਤ ਕਰਦਾ ਚਲਾ ਜਾਵੇ।ਅੱਜ ਇਨਸਾਨ ਭੈਅ ਵਿੱਚ ਪ੍ਰਭੂ ਭਗਤੀ ਕਰ ਰਿਹਾ ਹੈ ਪਰ ਅਸਲ ਵਿੱਚ ਪ੍ਰਭੂ ਭਗਤੀ ਡਰ ਨਾਲ ਨਹੀ ਸਗੋ ਪ੍ਰੇਮ ਵਿੱਚ ਕੀਤੀ ਜਾਂਦੀ ਹੈ।




ਇਸ ਮੌਕੇ ਸਤਿਕਾਰ ਯੋਗ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਫਰਮਾਇਆ ਕਿ ਗੁਰੂਆਂ ਦੀ ਇਹੀ ਸਿੱਖਿਆ ਰਹੀ ਹੈ ਕਿ ਹਰ ਸਾਹ ਬਹੁਤ ਕੀਮਤੀ ਹੈ। ਇਸ ਕਰਕੇ ਹਰ ਪਲ ਨੂੰ ਪ੍ਰਭੂ ਭਗਤੀ ਵਿੱਚ ਬਤੀਤ ਕਰਨਾ ਚਾਹੀਦਾ ਹੈ।ਜਦੋਂ ਮਨ ਪ੍ਰਮਾਰਥ ਦੇ ਮਾਰਗ ਤੋਂ ਹਟ ਜਾਂਦਾ ਹੈ ਤਾਂ ਦੁਵੈਸ਼ ਭਾਵਨਾ ਘਰ ਕਰ ਜਾਂਦੀਆ ਹਨ। ਭਗਤੀ ਦਾ ਮਾਰਗ ਬਹੁਤ ਬਰੀਕ ਹੈ ਜਿਸ ਪਲ ਵੀ ਇਸ ਤੋਂ ਦੂਰ ਹੋਵਾਗੇ ਤਾਂ ਇਸ ਮਾਰਗ ਤੋਂ ਡਗਮਗਾ ਜਾਵਾਗੇ। ਪ੍ਰਮਾਤਮਾ ਹਰ ਜ਼ਰੇ ਵਿੱਚ ਅਤੇ ਹਰ ਇਨਸਾਨ ਵਿੱਚ ਮੌਜੂਦ ਹੈ ਇਸ ਕਰਕੇ ਪ੍ਰਭੂ ਦੇ ਇਨ੍ਹਾਂ ਬੰਦਿਆਂ ਨਾਲ ਵੀ ਬਿਨ੍ਹਾ ਫਰਕ ਕੀਤੇ ਪ੍ਰੇਮ ਦਾ ਭਾਵ ਰੱਖਣਾ ਹੈ। ਇਹ ਅਗਿਆਨਤਾ ਦਾ ਹੀ ਪ੍ਰਮਾਣ ਹੈ ਕਿ ਅੱਜ ਇਨਸਾਨ ਬੰਦਿਆਂ ਵਿੱਚ ਜਾਤ ਮਜ਼ਬ ਦੇ ਵੇਖਰੇਵੇਂ ਲੱਭ ਰਿਹਾ ਹੈ। ਜਦੋਂ ਪ੍ਰਮਾਤਮਾ ਦਾ ਬੋਧ ਹੁੰਦਾ ਹੈ ਤਾਂ ਸਮਝ ਆਉਂਦੀ ਹੈ ਕਿ ਰਚਨਹਾਰ ਦੀ ਰਚਨਾ ਇਕ ਸਮਾਨ ਹੈ।

ਇਸ ਮੌਕੇ ਜੋਨ ਬਠਿੰਡਾ ਦੇ ਜੋਨਲ ਇੰਚਾਰਜ ਐਸ.ਪੀ ਦੁੱਗਲ ਨੇ ਸੰਗਤਾਂ ਵੱਲੋ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਸਤਿਕਾਰਯੋਗ ਰਾਜਪਿਤਾ ਰਮਿਤ ਜੀ ਦਾ ਇੱਥੇ ਪਹੁੰਚਣ ਤੇ ਨਿੱਘਾ ਸਵਾਗਤ ਅਤੇ ਸ਼ੁਕਰਾਨਾ ਕੀਤਾ।

ਫਾਜ਼ਿਲਕਾ ਬਰਾਂਚ ਦੇ ਸੰਯੋਜਕ ਸੁਰਿੰਦਰ ਪਾਲ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਮੂਹ ਸਥਾਨਕ ਸੰਯੋਜਕਾਂ, ਮੁਖੀਆਂ, ਸੇਵਾਦਲ ਦੇ ਅਧਿਕਾਰੀਆਂ ਅਤੇ ਮੈਂਬਰਾਂ ਤੋਂ ਇਲਾਵਾ ਵੱਖ ਵੱਖ ਧਾਰਮਿਕ, ਸਮਾਜਿਕ, ਵਪਾਰਿਕ ਅਤੇ ਰਾਜਨੀਤਿਕ ਸੰਸਥਾਵਾਂ ਤੋਂ ਆਏ ਹੋਏ ਪੰਤਵੰਤੇ ਸੱਜਣਾਂ, ਨਗਰ ਕੌਂਸਲ ਫਾਜ਼ਿਲਕਾ, ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਆਦਿ ਸਾਰੇ ਹੀ ਸਹਿਯੋਗੀ ਸੱਜਣਾਂ ਦਾ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

# ਕੁਰਆਨ ਬੇਅਦਬੀ ਮਾਮਲੇ ਦੇ ਦੋਸ਼ੀ ਨਰੇਸ਼ ਯਾਦਵ ਦੀ ਟਿਕਟ ਕੱਟਣਾ ਪਾਰਟੀ ਦਾ ਸ਼ਲਾਘਾਯੋਗ ਫੈਸਲਾ : ਹਾਜੀ ਅਖ਼ਤਰ, ਫਾਰੂਕ ਖਾਂ



*ਮਾਲੇਰਕੋਟਲਾ(ਲੋਕ ਬਾਣੀ) ਕੁਰਾਨ ਬੇਅਦਬੀ ਮਾਮਲੇ ਚ ਆਮ ਆਦਮੀ ਪਾਰਟੀ ਦੇ ਦਿੱਲੀ ਦੇ ਮਹਿਰੌਲੀ ਵਿਧਾਨ ਸਭਾ ਹਲਕੇ ਤੋਂ ਮੌਜੂਦਾ ਵਿਧਾਇਕ ਨਰੇਸ਼ ਯਾਦਵ ਨੂੰ ਬੀਤੇ ਦਿਨੀ ਮਲੇਰ ਕੋਟਲਾ ਦੀ ਸੈਸ਼ਨ ਅਦਾਲਤ ਵੱਲੋਂ ਦੋ ਸਾਲ ਦੀ ਸਜ਼ਾ ਅਤੇ 11000 ਜੁਰਮਾਨਾ ਕੀਤਾ ਗਿਆ ਸੀ ਜਿਸ ਦੇ ਚਲਦਿਆਂ ਦੋਸ਼ੀ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਜ਼ਮਾਨਤ ਮਿਲ ਗਈ ਸੀ। ਉਕਤ ਮਾਮਲੇ ਚ ਪੰਜਾਬ ਅਤੇ ਦਿੱਲੀ ਦੇ ਲੋਕਾਂ ਅਤੇ ਖਾਸ ਕਰ ਮੁਸਲਿਮ ਭਾਈਚਾਰੇ ਵਿੱਚ ਉਦੋਂ ਰੋਸ ਹੋਰ ਜਿਆਦਾ ਪਾਰਟੀ ਪ੍ਰਤੀ ਵੱਧ ਗਿਆ ਸੀ ਜਦੋਂ ਇੱਕ ਵਾਰ ਫਿਰ ਤੋਂ ਆਗਾਮੀ ਵਿਧਾਨ ਸਭਾ ਚੋਣਾਂ ਲਈ ਨਰੇਸ਼ ਯਾਦਵ ਨੂੰ ਦਿੱਲੀ ਦੇ ਮਹਿਰੌਲੀ ਵਿਧਾਨ ਸਭਾ ਹਲਕੇ ਤੋਂ ਪਾਰਟੀ ਵੱਲੋਂ ਟਿਕਟ ਦੇ ਕੇ ਨਿਵਾਜਣ ਦੀਆਂ ਚਰਚਾਵਾਂ ਚੱਲ ਰਹੀਆਂ ਸਨ। ਇਸੇ ਦੇ ਮੱਦੇ ਨਜ਼ਰ ਅੱਜ ਪਾਰਟੀ ਨੇ ਉਕਤ ਵਿਧਾਨ ਸਭਾ ਹਲਕੇ ਤੋਂ ਨਰੇਸ਼ ਯਾਦਵ ਦੀ ਟਿਕਟ ਕੱਟ ਕੇ ਮਹਿੰਦਰ ਚੌਧਰੀ ਨੂੰ ਟਿਕਟ ਦੇਣ ਦਾ ਬਕਾਇਦਾ ਐਲਾਨ ਕਰ ਦਿੱਤਾ ਹੈ ਜਿਸ ਨਾਲ ਆਮ ਲੋਕਾਂ ਖਾਸ ਤੌਰ ਤੇ ਪਾਰਟੀ ਦੇ ਪੰਜਾਬ ਅਤੇ ਦਿੱਲੀ ਤੋਂ ਮੁਸਲਿਮ ਅਹੁਦੇਦਾਰਾਂ ਤੇ ਵਰਕਰਾਂ ਵਿੱਚ ਖ਼ੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਇਸੇ ਤਹਿਤ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਾਰਡ ਨੰਬਰ 02 ਤੋਂ ਕੌਂਸਲਰ ਅਤੇ ਪੰਜਾਬ ਹੱਜ ਕਮੇਟੀ ਦੇ ਮੈਂਬਰ ਹਾਜੀ ਮੁਹੰਮਦ ਅਖਤਰ ਅਤੇ ਸੀਨੀਅਰ ਪਾਰਟੀ ਆਗੂ ਫਾਰੂਕ ਖਾਨ ਨੇ ਉਕਤ ਫੈਸਲੇ ਤੇ ਪਾਰਟੀ ਹਾਈ ਕਮਾਨ ਦਾ ਜਿੱਥੇ ਧੰਨਵਾਦ ਕੀਤਾ ਹੈ ਉਥੇ ਹੀ ਇਸ ਟਿਕਟ ਬਦਲੀ ਵਿੱਚ ਮਲੇਕੁਟਲਾ ਦੇ ਐਮਐਲਏ ਡਾਕਟਰ ਜਮੀਲੁ ਰਹਿਮਾਨ ਵੱਲੋਂ ਨਿਭਾਏ ਗਏ ਰੋਲ ਦੀ ਪ੍ਰਸ਼ੰਸਾ ਵੀ ਕੀਤੀ ਹੈ। ਉਹਨਾਂ ਦਾ ਕਹਿਣਾ ਸੀ ਕਿ ਉਕਤ ਟਿਕਟ ਬਦਲੀ ਜਿੱਥੇ ਕਈ ਹੋਰ ਕਾਰਨਾਂ ਕਰਕੇ ਹੋਈ ਹੈ ਉੱਥੇ ਇਸ ਨੂੰ ਬਦਲਣ ਵਿੱਚ ਮਲੇਰ ਕੋਟਲਾ ਦੇ ਵਿਧਾਇਕ ਡਾਕਟਰ ਜਮੀਲੁ ਰਹਿਮਾਨ ਦਾ ਖਾਸ ਰੋਲ ਰਿਹਾ ਹੈ। ਉਹਨਾਂ ਹੋਰ ਕਿਹਾ ਕਿ ਆਮ ਆਦਮੀ ਪਾਰਟੀ ਅਸੂਲਾਂ ਦੀ ਪਾਰਟੀ ਹੈ ਅਤੇ ਕਿਸੇ ਵੀ ਦੋਸ਼ੀ ਛਵੀ ਵਾਲੇ ਵਿਅਕਤੀ ਨੂੰ ਟਿਕਟ ਵਗੈਰਾ ਨਹੀਂ ਦਿੰਦੀ ਅਤੇ ਦੋਸ਼ੀਆਂ ਦੀ ਪਾਰਟੀ ਨੇ ਕਦੇ ਵੀ ਸਿੱਧੇ ਜਾਂ ਅਸਿੱਧੇ ਢੰਗ ਨਾਲ ਸਿੱਧੇ ਜਾ ਅਸਿੱਧੇ ਢੰਗ ਨਾਲ ਹੌਸਲਾ ਆਫਜਾਈ ਨਹੀਂ ਕੀਤੀ।

# ਐੱਸ.ਡੀ. ਕਾਲਜ ਆਫ਼ ਐਜੂਕੇਸ਼ਨ ਬਰਨਾਲਾ ਵਿਖੇ ਸੁਸ਼ਾਸਨ ਸਪਤਾਹ ਦਾ ਆਯੋਜਨ ਕੀਤਾ ਗਿਆ




ਬਰਨਾਲਾ, (ਲੋਕ ਬਾਣੀ) ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ, ਨਹਿਰੂ ਯੁਵਾ ਕੇਂਦਰ ਬਰਨਾਲਾ ਅਤੇ ਐੱਸ.ਡੀ. ਕਾਲਜ ਆਫ਼ ਐਜੂਕੇਸ਼ਨ ਦੇ ਐਨ.ਐਸ.ਐਸ ਵਿਭਾਗ ਦੇ ਸਹਿਯੋਗ ਨਾਲ ਗੁਡ ਗਵਰਨੈਂਸ ਵੀਕ ਦੇ ਮੌਕੇ ਤੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਪ੍ਰੋਗਰਾਮ ਦਾ ਉਦੇਸ਼ ਚੰਗੇ ਸ਼ਾਸਨ ਨੂੰ ਉਤਸ਼ਾਹਿਤ ਕਰਨ ਵਾਲੀਆਂ ਸਰਕਾਰੀ ਪਹਿਲਕਦਮੀਆਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਭਵਿੱਖ ਦੇ ਅਧਿਆਪਕਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ।

ਪ੍ਰੋਗਰਾਮ ਦੀ ਸ਼ੁਰੂਆਤ ਐਨ.ਐਸ.ਐਸ ਪ੍ਰੋਗਰਾਮ ਅਫਸਰ ਪ੍ਰੋ. ਬਲਵਿੰਦਰ ਕੁਮਾਰ ਬਿੱਟੂ ਨੇ ਵਿਸ਼ੇ ਅਤੇ ਉਦੇਸ਼ ਦੀ ਰੂਪ-ਰੇਖਾ ਪੇਸ਼ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਚੰਗੇ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਦੀਆਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ ਅਤੇ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ।

ਕਾਲਜ ਪ੍ਰਿੰਸੀਪਲ ਡਾ.ਤਪਨ ਕੁਮਾਰ ਸਾਹੂ ਨੇ ਨਹਿਰੂ ਯੁਵਾ ਕੇਂਦਰ ਦੇ ਲੇਖਾ ਅਤੇ ਪ੍ਰੋਗਰਾਮ ਸਹਾਇਕ ਸ਼੍ਰੀ ਰਿਸ਼ਵ ਸਿੰਗਲਾ ਦਾ ਇਸ ਪ੍ਰੋਗਰਾਮ ਦਾ ਆਯੋਜਨ ਕਰਨ ਦਾ ਮੌਕਾ ਦੇਣ ਲਈ ਧੰਨਵਾਦ ਕੀਤਾ।ਉਨ੍ਹਾਂ ਰਾਜ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਗਈਆਂ ਵੱਖ-ਵੱਖ ਸਕੀਮਾਂ ਦੀ ਰੂਪ ਰੇਖਾ ਦੱਸੀ ਅਤੇ ਭਾਗੀਦਾਰਾਂ ਨੂੰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਆਪਣੇ ਮੁੱਖ ਭਾਸ਼ਣ ਵਿੱਚ, ਨਹਿਰੂ ਯੁਵਾ ਕੇਂਦਰ ਦੇ ਸ਼੍ਰੀ ਰਿਸ਼ਵ ਸਿੰਗਲਾ ਨੇ ਮਾਣਯੋਗ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਆਈ ਏ ਐਸ ਦੇ ਯਤਨ ਸਦਕਾ ਬਣੀ ਮੋਬਾਈਲ ਐਪ ਪਹੁੰਚ ਬਾਰੇ ਜਾਣਕਾਰੀ ਦਿਤੀ, ਇੱਕ ਮੋਬਾਈਲ ਐਪ ਜੋ ਚੰਗੇ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਨ ਵਾਲੀਆਂ ਸਰਕਾਰੀ ਪਹਿਲਕਦਮੀਆਂ ਬਾਰੇ ਜਾਣਕਾਰੀ ਪ੍ਰਦਾਨ ਕਰਦੀ ਹੈ। ਉਨ੍ਹਾਂ ਅਧਿਆਪਕ ਸਿਖਿਆਰਥੀਆਂ ਨੂੰ ਇਸ ਐਪ ਦੀ ਪ੍ਰਭਾਵਸ਼ਾਲੀ ਵਰਤੋਂ ਕਰਨ ਲਈ ਮਾਰਗਦਰਸ਼ਨ ਕੀਤਾ ਅਤੇ ਇਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਉਨ੍ਹਾਂ ਦੇ ਸੰਬੋਧਨ ਤੋਂ ਬਾਅਦ, ਸਾਰੇ ਭਾਗੀਦਾਰਾਂ ਨੇ ਐਪ ਨੂੰ ਡਾਊਨਲੋਡ ਕੀਤਾ ਅਤੇ ਆਪਣੀ ਨਿੱਜੀ ਅਤੇ ਪੇਸ਼ੇਵਰ ਜ਼ਿੰਦਗੀ ਵਿੱਚ ਇਸਦੀ ਵਰਤੋਂ ਕਰਨ ਦਾ ਵਾਅਦਾ ਕੀਤਾ।

ਪ੍ਰੋਗਰਾਮ ਦੀ ਸਮਾਪਤੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਐੱਸ. ਡੀ. ਇਸ ਮੌਕੇ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਸਹਿਯੋਗ ਨੇ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।

# ਪੰਜਾਬ ਦੇ ਦੋ ਮੋਹਰੀ ਚੈਨਲ, ਜ਼ੀ ਪੰਜਾਬੀ ਤੇ ਜਗਬਾਣੀ ਜੁੜ ਰਹੇ ਹਨ ਡਰੱਗ ਜਾਗਰੂਕਤਾ ਦੀ ਮੁਹਿੰਮ ਦੇ ਲਈ, ਵੇਖੋ ਸ਼ਿਵਿਕਾ- ਸਾਥ ਯੁਗਾਂ ਯੁਗਾਂ ਦਾ ਰਾਤ 8 ਵਜੇ ਸਿਰਫ ਜ਼ੀ ਪੰਜਾਬੀ ਤੇ !

(ਲੋਕ ਬਾਣੀ) ਜ਼ੀ ਪੰਜਾਬੀ ਅਤੇ ਜਗ ਬਾਣੀ, ਦੋ ਮੋਹਰੀ ਚੈਨਲਾਂ ਨੇ ਨਸ਼ਿਆਂ ਦੇ ਸੇਵਨ ਅਤੇ ਵਿਅਕਤੀਆਂ ਅਤੇ ਸਮਾਜ ਤੇ ਇਨ੍ਹਾਂ ਦੇ ਵਿਨਾਸ਼ਕਾਰੀ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਮਹੱਤਵਪੂਰਨ ਸਹਿਯੋਗ ਕੀਤਾ ਹੈ, ਜੋ ਕਿ 21 ਦਸੰਬਰ, 2024 ਨੂੰ ਰਾਤ 8:00 ਵਜੇ ਟੈਲੀਵਿਜ਼ਨ ਸਕਰੀਨਾਂ ਉੱਤੇ ਪ੍ਰਸਾਰਿਤ ਹੋਵੇਗਾ।

ਇਸ ਐਪੀਸੋਡ ਵਿੱਚ ਡਾ. ਈਸ਼ਾਨ ਇੱਕ ਪ੍ਰਭਾਵਸ਼ਾਲੀ ਕਹਾਣੀ ਦੇ ਜ਼ਰੀਏ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਸਮਾਜਿਕ ਖ਼ਤਰਿਆਂ ਤੇ ਰੌਸ਼ਨੀ ਪਾਵੇਗਾ ਅਤੇ ਸਮਾਜ ਵਿੱਚ ਇਸ ਦੇ ਵਧ ਰਹੇ ਖਤਰੇ ਦਾ ਪਰਦਾਫਾਸ਼ ਕਰੇਗਾ ਇਸਦੇ ਨਾਲ ਹੀ ਜਗਬਾਣੀ ਦੇ ਪਤਰਕਾਰ ਨਾਲ ਗੱਲ ਕਰਦੇ ਹੋਏ ਇਸਦੇ ਰੋਕਥਾਮ ਉਪਾਵਾਂ ਬਾਰੇ ਜਾਣੂ ਕਰਵਾਏਗਾ।

ਪੁਨੀਤ ਭਾਟੀਆ, ਜੋ ਕਿ ਸ਼ੋਅ ਸ਼ਿਵਿਕਾ - ਸਾਥ ਯੁਗਾਂ ਯੁਗਾਂ ਦਾ ਵਿੱਚ ਡਾ. ਈਸ਼ਾਨ ਦੀ ਭੂਮਿਕਾ ਵਿੱਚ ਹਨ, ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ: ਨਸ਼ਾ ਇੱਕ ਅਜਿਹੀ ਬਿਮਾਰੀ ਹੈ ਜੋ ਅਣਗਿਣਤ ਜ਼ਿੰਦਗੀਆਂ ਨੂੰ ਤਬਾਹ ਕਰ ਰਿਹਾ ਹੈ। ਮੈਂ ਸਮਾਜ ਵਿੱਚ ਇੱਕ ਅਜਿਹੀ ਕ੍ਰਾਂਤੀ ਲਿਆਉਣਾ ਚਾਹੁੰਦਾ ਹਾਂ ਜਿਸ ਦੇ ਨਾਲ ਲੋਕਾਂ ਵਿੱਚ ਨਸ਼ੇ ਵਿਰੁੱਧ ਜਾਗਰੂਕਤਾ ਫੈਲੇਗੀ, ਮੈਂ ਉਮੀਦ ਕਰਦਾ ਹਾਂ ਕਿ ਸਾਡੀ ਇੱਕ ਕੋਸ਼ਿਸ਼ ਨਸ਼ੇ ਨੂੰ ਜੜ੍ਹ ਤੋਂ ਖਤਮ ਕਰ ਦੇਵੇਗੀ।ਸ਼ੋਅ ਵਿੱਚ ਸ਼ਿਵਿਕਾ (ਸੁਰਭੀ ਮਿੱਤਲ) ਨੇ ਕਿਹਾ: ਸ਼ਿਵਿਕਾ ਦੀ ਕਹਾਣੀ ਹਮੇਸ਼ਾਂ ਹੀ ਝੂਠ ਦੇ ਖਿਲਾਫ ਤੇ ਅੱਤਿਆਚਾਰ ਵਿਰੁੱਧ ਆਵਾਜ਼ ਉਠਾਉਣ ਵਾਲੀ ਕਹਾਣੀ ਹੈਂ, ਮੈਂ ਹਮੇਸ਼ਾ ਹੀ ਸੱਚ ਦੇ ਹੱਕ ਵਿੱਚ ਬੋਲਦੀ ਹੈਂ ਤੇ ਇਹ ਨਸ਼ੇ ਵਰਗੀ ਭਿਆਨਕ ਬਿਮਾਰੀ ਸਾਡੇ ਸਮਾਜ ਨੂੰ ਦਿਨੋ-ਦਿਨ ਖੋਖਲਾ ਕਰ ਰਹੀ ਹੈਂ। ਸਾਡਾ ਇੱਕ ਸਹਿਯੋਗ ਸਮਾਜ ਵਿੱਚ ਜਾਗਰਕਤਾ ਫੈਲਾਉਣ ਦਾ ਕੰਮ ਕਰੇਗਾ।

ਇਸ ਸ਼ਨੀਵਾਰ ਰਾਤ 8 ਵਜੇ ਜ਼ੀ ਪੰਜਾਬੀ ਤੇ ਟਿਊਨ ਇਨ ਕਰੋ ਇਹ ਦੇਖਣ ਲਈ ਕਿ ਕਿਵੇਂ ਮਨੋਰੰਜਨ ਸੱਚ ਨੂੰ ਆਪਣੇ ਸ਼ਬਦਾਂ ਵਿੱਚ ਬਿਆਨ ਕਰਦਾ ਹੈ, ਇਹ ਸਾਬਤ ਕਰਦਾ ਹੈ ਕਿ ਮੀਡੀਆ ਸਮਾਜ ਵਿੱਚ ਪ੍ਰਭਾਵਸ਼ਾਲੀ ਤਬਦੀਲੀ ਨੂੰ ਪੇਰਿਤ ਕਰ ਸਕਦਾ ਹੈ।




ਰੋਜ਼ਾਨਾ ਲੋਕ ਬਾਣੀ www.lokbani

# ਹੰਡਿਆਇਆ ਸਕੂਲ ਦੇ ਐਨਐਸਕਿਉਐੱਫ ਵਿਦਿਆਰਥੀਆਂ ਨੇ ਕੀਤਾ ਉਦਯੋਗਿਕ ਦੌਰਾ




ਬਰਨਾਲਾ (ਲੋਕ ਬਾਣੀ) –ਹੰਡਿਆਇਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਡਿਆਇਆ ਦੇ ਐਨ ਐਸ ਕਿਉ ਐੱਫ ਵਿਦਿਆਰਥੀਆਂ ਵੱਲੋਂ ਉਦਯੋਗਿਕ ਦੌਰਾ ਕੀਤਾ ਗਿਆ । ਸਕੂਲ ਮੁਖੀ ਰਣਜੀਤ ਸਿੰਘ ਜੰਡੂ ਦੀ ਅਗਵਾਈ ਹੇਠ ਸੰਦੀਪ ਕੌਰ ਵੋਕੇਸ਼ਨਲ ਟ੍ਰੇਨਰ ਆਈ ਟੀ ਦੀ ਦੇਖ ਰੇਖ ਵਿੱਚ ਮਹਾਰਾਜਾ ਯੂਨੀਵਰਸਿਟੀ ਬਠਿੰਡਾ ਵਿਖੇ ਵਿਦਿਆਰਥੀਆਂ ਨੇ ਦੌਰਾ ਕਰਕੇ ਉਦਯੋਗਿਕ ਬਾਰੇ ਜਾਣਕਾਰੀ ਪ੍ਰਾਪਤ ਕੀਤੀ । ਵਿਦਿਆਰਥੀਆਂ ਨੂੰ ਵੱਖ ਵੱਖ ਪਹਿਲੂਆਂ ਤੋਂ ਜਾਣੂ ਕਰਵਾਇਆ ਗਿਆ । ਸੰਦੀਪ ਕੌਰ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਦੌਰੇ ਵਿਦਿਆਰਥੀਆਂ ਵਿਚ ਉਦਯੋਗ ਪ੍ਰਤੀ ਜਾਣਕਾਰੀ ਵਿੱਚ ਵਾਧਾ ਕਰਕੇ ਉਨ੍ਹਾਂ ਦੀ ਉਦਯੋਗ ਵੱਲ ਰੁਚੀ ਨੂੰ ਵਧਾਉਂਦੇ ਹਨ । ਵਿਦਿਆਰਥੀਆਂ ਨੂੰ ਸਕੂਲ ਪਹੁੰਚਣ ਤੇ ਰਿਫਰੈਸ਼ਮੈਂਟ ਦਿੱਤੀ ਗਈ । ਇਸ ਮੌਕੇ ਲੈਕਚਰਾਰ ਗੁਰਲਾਲ ਸਿੰਘ ਬੋਪਾਰਾਏ, ਬਲਜੀਤ ਸਿੰਘ ਅਕਲੀਆ, ਪ੍ਰਿਤਪਾਲ ਸਿੰਘ ਬਰਨਾਲਾ, ਰੁਪਿੰਦਰ ਕੌਰ, ਕੈਂਪਸ ਮੈਨੇਜਰ ਪਰਮਜੀਤ ਸਿੰਘ, ਨਾਜ਼ਰ ਸਿੰਘ, ਸੁਖਬੀਰ ਸਿੰਘ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਵਾਹਨਾ ਦੀ ਕੀਤੀ ਗਈ ਚੈਕਿੰਗ

ਬਰਨਾਲਾ, (ਲੋਕ ਬਾਣੀ): ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਚ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ ।ਮਾਨਯੋਗ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਰਹਿਨੁਮਾਈ ਹੇਠ ਸ਼੍ਰੀ ਗੁਰਵੀਰ ਸਿੰਘ ਕੋਹਲੀ ਉਪ ਮੰਡਲ ਮੈਜਿਸਟ੍ਰੇਟ ਅਤੇ ਸ਼੍ਰੀ ਕੁਲਵਿੰਦਰ ਸਿੰਘ ਰੰਧਾਵਾ ਜ਼ਿਲ੍ਹਾ ਪ੍ਰੋਗਰਾਮ ਅਫਸਰ ,ਬਰਨਾਲਾ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਵੱਖ ਵੱਖ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ ਤਾਂ ਜੋ ਮਾਨਯੋਗ ਹਾਈ ਕੋਰਟ ਦੇ ਹੁਕਮਾਂ ਦੀ ਇੰਨ ਬਿੰਨ ਪਾਲਣਾ ਸਕੂਲੀ ਬੱਚਿਆਂ ਦੀ ਸੁਰੱਖਿਆ ਲਈ ਕੀਤੀ ਜਾ ਸਕੇ।

ਇਸ ਮੋਕੇ ਮਦਰ ਟੀਚਰ ਇੰਟਰਨੈਸ਼ਨਲ ਸਕੂਲ, ਵੀ.ਵੀ ਐੱਮ ਇੰਟਰਨੈਸ਼ਨਲ ਸਕੂਲ ਅਤੇ ਬਾਬਾ ਗਾਂਧਾ ਪਬਲਿਕ ਸਕੂਲ ਬਰਨਾਲਾ ਅਤੇ ਹੋਰ ਕਈ ਸਕੂਲਾਂ ਦੀਆਂ ਸਕੂਲ ਵੈਨਾਂ ਦੀ ਚੈਕਿੰਗ ਕੀਤੀ ਗਈ। ਜ਼ਿਲ੍ਹਾ ਪ੍ਰੋਗਰਾਮ ਅਫਸਰ ਕੁਲਵਿੰਦਰ ਸਿੰਘ ਰੰਧਾਵਾ ਨੋ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋ ਸਮੇਂ-ਸਮੇਂ ਤੇ ਸਕੂਲਾਂ ਦੇ ਪ੍ਰਿੰਸੀਪਲ ਅਤੇ ਸਕੂਲ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਿਦਾਇਤਾਂ ਬਾਰੇ ਜਾਣੂ ਕਰਵਾਇਆ ਜਾਂਦਾ ਹੈ । ਇਨ੍ਹਾਂ ਚ ਮੁਖ ਤੌਰ ਤੇ ਸੀ.ਸੀ.ਟੀ.ਵੀ ਕੈਮਰਾ, ਖਿੜਕੀ ਤੇ ਲੋਹੇ ਦੀ ਗਰਿੱਲ, ਫਸਟ ਏਡ ਬਾਕਸ, ਲੇਡੀ ਕਡੰਕਟਰ, ਅੱਗ ਬੁਝਾਊ ਯੰਤਰ, ਲਾਇੰਸਸ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।

ਉਪ ਮੰਡਲ ਮੈਜਿਸਟ੍ਰੇਟ ਦਫਤਰ ਵੱਲੋਂ ਸੁਪਰਡੈਂਟ ਕਮਲਜੀਤ ਸਿੰਘ ਸ਼ਾਦ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਗੁਰਜੀਤ ਕੌਰ, ਰੁਪਿੰਦਰ ਸਿੰਘ ਬਾਲ ਸੁਰੱਖਿਆ ਅਫਸਰ (ਆਈ.ਸੀ) ਅਤੇ ਬਰਜਿੰਦਰਪਾਲ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਨੀਰਜ ਕੁਮਾਰ ਸਿੰਗਲਾ ਜ਼ਿਲ੍ਹਾ ਕਆਰਡੀਨੇਟਰ ਵੱਲੋਂ ਡਰਾਈਵਰਾਂ ਨੂੰ ਦੱਸਿਆ ਕਿ ਬੱਚਿਆਂ ਦੀ ਸੁਰੱਖਿਆ ਨੂੰ ਉਹ ਪਹਿਲ ਦੇਣ ਅਤੇ ਪਾਲਿਸੀ ਤਹਿਤ ਜੋ ਵੀ ਨਿਯਮ ਹਨ ਉਹ ਜਲਦ ਤੋਂ ਜਲਦ ਪੂਰਾ ਕਰਨ। ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵਿੱਚੋਂ ਸ਼੍ਰੀ ਲੱਖਾ ਸਿੰਘ, ਸ਼੍ਰੀ ਬਲਵਿੰਦਰ ਸਿੰਘ, ਜ਼ਿਲ੍ਹਾ ਟ੍ਰਾਸਪੋਰਟ ਅਫਸਰ ਵੱਲੋਂ ਐਸ.ਆਈ ਰਣਧੀਰ ਸਿੰਘ, (ਟ੍ਰੈਫਿਕ ਇੰਨਚਾਰਜ), ਏ.ਐਸ.ਆਈ ਗੁਰਚਰਨ ਸਿੰਘ, ਏ.ਐਸ.ਆਈ ਸੁਖਦੇਵ ਸਿੰਘ, ਹਵਲਦਾਰ ਬਲਵੀਰ ਸਿੰਘ, ਹਵਲਦਾਰ ਜਗਤਾਰ ਸਿੰਘ ਸਮੇਤ ਟੀਮ ਸ਼ਾਮਿਲ ਸਨ ।





ਰੋਜ਼ਾਨਾ ਲੋਕ ਬਾਣੀ www.lokbani

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022 - 2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565